ਸਾਂਝੀ ਸੋਚ
SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ
VOL-11 ISSUE 1721 | 25 April, 2024 Thursday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

# ਆਮ ਆਦਮੀ ਪਾਰਟੀ ਦਾ ਚੰਨੀ 'ਤੇ ਜਵਾਬੀ ਹਮਲਾ, 1 ਜੂਨ ਤੋਂ ਬਾਅਦ ਹੋਵੇਗੀ ਗ੍ਰਿਫ਼ਤਾਰੀ !

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਉਸ ਬਿਆਨ 'ਤੇ ਜਵਾਬੀ ਹਮਲਾ ਕੀਤਾ ਹੈ, ਜਿਸ 'ਚ ਉਨ੍ਹਾਂ ਦਾਅਵਾ ਕੀਤਾ ਸੀ ਕਿ ਪੰਜਾਬ 'ਚ 'ਆਪ' ਦੀ ਸਰਕਾਰ 1 ਜੂਨ ਤੋਂ ਬਾਅਦ ਡਿੱਗ ਜਾਵੇਗੀ।

ਬੁੱਧਵਾਰ ਨੂੰ ਪਾਰਟੀ ਦਫ਼ਤਰ ਤੋਂ ਜਾਰੀ ਬਿਆਨ 'ਚ 'ਆਪ' ਆਗੂ ਅਤੇ ਬੁਲਾਰਾ ਨੀਲ ਗਰਗ ਨੇ ਕਿਹਾ ਕਿ 1 ਜੂਨ ਤੋਂ ਬਾਅਦ ਭਗਵੰਤ ਮਾਨ ਦੀ ਸਰਕਾਰ ਪਹਿਲਾਂ ਨਾਲੋਂ ਜ਼ਿਆਦਾ ਮਜ਼ਬੂਤੀ ਨਾਲ ਪੰਜਾਬ ਦੀ ਭਲਾਈ ਲਈ ਕੰਮ ਕਰੇਗੀ, ਪਰੰਤੂ ਚਰਨਜੀਤ ਸਿੰਘ ਚੰਨੀ ਨੂੰ ਯਕੀਨ ਨਹੀਂ ਹੈ ਕਿ ਲੋਕ ਸਭਾ ਚੋਣਾਂ ਵਿੱਚ ਉਨ੍ਹਾਂ ਦਾ ਚਿਹਰਾ ਚਮਤਕਾਰ ਕਰ ਸਕੇਗਾ। ਨੀਲ ਗਰਗ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਆਪਣੇ ਸਿਆਸੀ ਸਫ਼ਰ ਦੇ ਅੰਤ ਵਿਚ ਹਨ। ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਪਹਿਲਾਂ ਹੀ ਪੂਰੀ ਤਰ੍ਹਾਂ ਨਕਾਰ ਦਿੱਤਾ ਗਿਆ ਸੀ। ਲੋਕਾਂ ਨੇ ਉਨ੍ਹਾਂ ਦੇ (ਚਰਨਜੀਤ ਚੰਨੀ) ਭਤੀਜੇ ਕੋਲੋਂ ਈਡੀ ਵੱਲੋਂ ਬਰਾਮਦ ਕੀਤੀ ਨਕਦੀ ਦਾ ਢੇਰ ਵੀ ਦੇਖਿਆ ਹੈ, ਇਸ ਲਈ ਉਸ ਦਾ ਭ੍ਰਿਸ਼ਟਾਚਾਰ ਕਿਸੇ ਤੋਂ ਲੁਕਿਆ ਨਹੀਂ ਹੈ। 'ਆਪ' ਆਗੂ ਨੇ ਕਿਹਾ ਕਿ ਚਰਨਜੀਤ ਚੰਨੀ ਪੰਜਾਬ ਅਤੇ ਜਲੰਧਰ ਦੇ ਲੋਕਾਂ ਨੂੰ ਗੁੰਮਰਾਹ ਕਰ ਰਿਹਾ ਹਨ। ਉਨ੍ਹਾਂ ਕੋਲ ਲੋਕਾਂ ਨੂੰ ਕਹਿਣ ਲਈ ਕੁਝ ਵੀ ਨਹੀਂ ਹੈ। ਉਨ੍ਹਾਂ ਦੀ ਸਰਕਾਰ (ਕਾਂਗਰਸ ਸਰਕਾਰ) ਦੌਰਾਨ ਹੋਏ ਭ੍ਰਿਸ਼ਟਾਚਾਰ ਅਤੇ ਘੁਟਾਲਿਆਂ ਦਾ ਕੋਈ ਸਪੱਸ਼ਟੀਕਰਨ ਨਹੀਂ ਹੈ। ਇਸ ਲਈ ਉਹ ਕੁਝ ਕੁ ਵੋਟਾਂ ਪੱਕੀਆਂ ਕਰਨ ਲਈ ਇਹ ਸਭ ਕੁਝ ਕਹਿ ਰਿਹਾ ਹਨ। ਨੀਲ ਗਰਗ ਨੇ ਕਿਹਾ ਕਿ ਉਹ (ਆਪ ਵਿਧਾਇਕ) ਕ੍ਰਾਂਤੀਕਾਰੀ ਆਗੂ ਅਰਵਿੰਦ ਕੇਜਰੀਵਾਲ ਦੇ ਸਿਪਾਹੀ ਹਨ ਅਤੇ ਓਪਰੇਸ਼ਨ ਲੋਟਸ ਵੀ ਉਨ੍ਹਾਂ ਨੂੰ ਕਿਸੇ ਵੀ ਗਲਤ ਦਿਸ਼ਾ ਵਿੱਚ ਲੈ ਕੇ ਜਾਣ ਵਿੱਚ ਅਸਫਲ ਹੀ ਸਾਬਿਤ ਰਿਹਾ ਹੈ। ਨੀਲ ਗਰਗ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਸਭ ਤੋਂ ਵੱਡਾ ਫ਼ਤਵਾ ਦਿੱਤਾ ਹੈ ਅਤੇ ਅਸੀਂ ਲੋਕਾਂ ਦੇ ਫ਼ੈਸਲੇ ਦਾ ਪੂਰਾ ਸਤਿਕਾਰ ਕਰਦੇ ਹਾਂ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ 13 ਦੀਆਂ 13 ਸੀਟਾਂ ਜ਼ਰੂਰ 1 ਜੂਨ ਨੂੰ ਜਿੱਤ ਜਾਵੇਗਾ, ਪਰੰਤੂ ਆਉਣ ਵਾਲੇ ਸਮੇਂ 'ਚ ਚਰਨਜੀਤ ਚੰਨੀ ਜ਼ਰੂਰ ਜੇਲ੍ਹ ਜਾਣਗੇ, ਕਿਉਂਕਿ ਉਨ੍ਹਾਂ ਦੇ ਭ੍ਰਿਸ਼ਟਾਚਾਰ ਅਤੇ ਘੁਟਾਲਿਆਂ ਦਾ ਪਰਦਾਫਾਸ਼ ਹੋਵੇਗਾ।




# ਅਮਰੀਕੀ ਪ੍ਰਤੀਨਿਧੀ ਸਭਾ ਵੱਲੋਂ 'ਟਿਕਟੋਕ' 'ਤੇ ਪਾਬੰਦੀ ਲਗਾਉਣ ਵਾਲਾ ਬਿਲ ਪਾਸ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਅਮਰੀਕੀ ਪ੍ਰਤੀਨਿਧੀ ਸਭਾ ਨੇ ਸੰਯੁਕਤ ਰਾਜ ਵਿਚ ਚੀਨੀ ਵੀਡੀਓ-ਸ਼ੇਅਰਿੰਗ ਐਪ 'ਟਿਕਟੌਕ' 'ਤੇ ਪਾਬੰਦੀ ਲਗਾਉਣ ਵਾਲੇ ਨਵੇਂ ਕਾਨੂੰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਤੋਂ ਪਹਿਲਾਂ ਮਾਰਚ ਵਿਚ, ਸਦਨ ਨੇ ਟਿਕਟੌਕ ਨੂੰ ਗੈਰ-ਕਾਨੂੰਨੀ ਘੋਸ਼ਿਤ ਕਰਨ ਦੇ ਪ੍ਰਸਤਾਵ ਦੇ ਸਮਰਥਨ ਵਿਚ ਵੋਟ ਕੀਤਾ ਸੀ।

ਅਮਰੀਕੀ ਸੋਸ਼ਲ ਮੀਡੀਆ ਐਪਸ 'ਤੇ ਪਾਬੰਦੀ ਲਗਾਉਣ ਦੀ ਕਾਰਵਾਈ ਅਜਿਹੇ ਸਮੇਂ ਆਈ ਹੈ, ਜਦੋਂ ਵਪਾਰ ਅਤੇ ਤਕਨਾਲੋਜੀ ਨੂੰ ਲੈ ਕੇ ਅਮਰੀਕਾ ਅਤੇ ਚੀਨ ਵਿਚਾਲੇ ਕਾਫੀ ਤਣਾਅ ਹੈ। ਉਥੇ ਹੀ ਦੂਜੇ ਪਾਸੇ ਚੀਨ ਨੇ ਐਪਲ ਐਪ ਸਟੋਰ ਤੋਂ ਦੁਨੀਆਂ ਦੇ ਸਭ ਤੋਂ ਜ਼ਿਆਦਾ ਵਰਤੇ ਜਾਣ ਵਾਲੇ ਇੰਸਟੈਂਟ ਮੈਸੇਜਿੰਗ ਪਲੇਟਫਾਰਮ 'ਚੋਂ ਇਕ ਵਟਸਅੱਪ ਨੂੰ ਹਟਾ ਦਿੱਤਾ ਹੈ। ਮੀਡੀਆ ਰਿਪੋਰਟਾਂ ਮੁਤਾਬਕ ਐਪਲ ਨੇ ਕਿਹਾ ਕਿ ਉਸ ਨੇ ਚੀਨ 'ਚ ਐਪਲ ਐਪ ਸਟੋਰ ਤੋਂ 'ਮੈਟਾ' ਦੇ ਵਟਸਅੱਪ ਮੈਸੇਜਿੰਗ ਐਪ ਅਤੇ 'ਥਰੈਡਸ' ਸੋਸ਼ਲ ਮੀਡੀਆ ਐਪ ਨੂੰ ਹਟਾ ਦਿੱਤਾ ਹੈ। ਕੰਪਨੀ ਨੇ ਕਿਹਾ ਕਿ ਚੀਨ ਦੇ ਸਾਈਬਰਸਪੇਸ ਪ੍ਰਸ਼ਾਸਨ ਨੇ ਰਾਸ਼ਟਰੀ ਸੁਰੱਖਿਆ ਚਿੰਤਾਵਾਂ ਦਾ ਹਵਾਲਾ ਦਿੰਦੇ ਹੋਏ ਐਪਲ ਐਪ ਸਟੋਰ ਤੋਂ ਐਪਲੀਕੇਸ਼ਨ ਨੂੰ ਹਟਾਉਣ ਦਾ ਆਦੇਸ਼ ਦਿੱਤਾ ਹੈ। ਦੱਸ ਦੇਈਏ ਕਿ 170 ਮਿਲੀਅਨ ਤੋਂ ਵੱਧ ਅਮਰੀਕੀ ਟਿਕਟੌਕ ਦੀ ਵਰਤੋਂ ਕਰ ਰਹੇ ਹਨ। ਪਹਿਲੇ ਬਿੱਲ ਵਿਚ ਕਿਹਾ ਗਿਆ ਹੈ ਕਿ ਟਿਕਟੌਕ ਦੀ ਮੂਲ ਕੰਪਨੀ 'ਬਾਈਟਡਾਂਸ' ਕਾਨੂੰਨ ਦੇ ਲਾਗੂ ਹੋਣ ਦੇ 180 ਦਿਨਾਂ ਜਾਂ ਅੱਧੇ ਸਾਲ ਦੇ ਅੰਦਰ ਆਪਣੀ ਮਲਕੀਅਤ ਛੱਡ ਦੇਵੇਗੀ। ਸੋਧਿਆ ਬਿੱਲ ਬਾਈਟਡਾਂਸ ਲਈ ਛੇ ਮਹੀਨਿਆਂ ਦੀ ਇਸ ਮਿਆਦ ਨੂੰ ਲਗਭਗ 9 ਮਹੀਨਿਆਂ ਤੱਕ ਵਧਾ ਦਿੰਦਾ ਹੈ। ਇਸ ਤੋਂ ਇਲਾਵਾ ਜੇਕਰ ਮੀਡੀਆ ਰਿਪੋਰਟਾਂ ਦੀ ਮੰਨੀਏ ਤਾਂ ਵ੍ਹਾਈਟ ਹਾਊਸ ਇਸ ਸਮਾਂ ਸੀਮਾ ਨੂੰ 90 ਦਿਨ ਹੋਰ ਵਧਾ ਸਕਦਾ ਹੈ। ਜਿਹੜੇ ਵਿਧਾਇਕ ਪਹਿਲਾਂ ਸ਼ੱਕੀ ਸਨ, ਉਨ੍ਹਾਂ ਨੇ ਹੁਣ ਨਵੇਂ ਬਿੱਲ ਨੂੰ ਸਮਰਥਨ ਦੇਣ ਦਾ ਵਾਅਦਾ ਕੀਤਾ ਹੈ। ਇਸ ਤੋਂ ਇਲਾਵਾ, ਹਾਊਸ ਰਿਪਬਲਿਕਨਾਂ ਨੇ ਟਿਕਟੋਕ ਕਾਨੂੰਨ ਨੂੰ ਵਿਦੇਸ਼ੀ ਸਹਾਇਤਾ ਪੈਕੇਜ ਵਿਚ ਸ਼ਾਮਲ ਕੀਤਾ ਹੈ। ਇਸ ਵਿਚ ਯੂਕਰੇਨ ਅਤੇ ਇਜ਼ਰਾਈਲ ਨੂੰ ਦਿੱਤੀ ਜਾਣ ਵਾਲੀ ਸਹਾਇਤਾ ਸ਼ਾਮਲ ਹੈ। ਸੈਨੇਟਰਾਂ ਕੋਲ ਟਿਕਟੌਕ ਧਾਰਾ ਨੂੰ ਹਟਾਉਣ ਦਾ ਵਿਕਲਪ ਹੈ। ਹਾਲਾਂਕਿ, ਜੇ ਸੰਯੁਕਤ ਰਾਜ ਦੀ ਸੈਨੇਟ, ਯੂ.ਐੱਸ. ਕਾਂਗਰਸ ਦੇ ਪ੍ਰਤੀਨਿਧਾਂ ਦਾ ਉਪਰਲਾ ਸਦਨ, ਟਿਕਟੌਕ ਬਿੱਲ ਪਾਸ ਕਰਦਾ ਹੈ, ਤਾਂ ਇਹ ਰਾਸ਼ਟਰਪਤੀ ਜੋਅ ਬਾਇਡਨ ਨੂੰ ਉਸਦੇ ਦਸਤਖਤ ਲਈ ਭੇਜਿਆ ਜਾਵੇਗਾ। ਅਮਰੀਕੀ ਸੰਸਦ ਦੇ ਹੇਠਲੇ ਸਦਨ ਹਾਊਸ ਆਫ ਰਿਪ੍ਰਜ਼ੈਂਟੇਟਿਵਜ਼ 'ਚ ਟਿਕਟੌਕ ਖਿਲਾਫ ਬਿੱਲ ਬਹੁਮਤ ਨਾਲ ਪਾਸ ਹੋ ਗਿਆ ਹੈ। ਇਸ ਬਿੱਲ ਦੇ ਪੱਖ 'ਚ 360 ਅਤੇ ਵਿਰੋਧ 'ਚ ਸਿਰਫ 58 ਵੋਟਾਂ ਪਈਆਂ। ਜੇਕਰ ਇਹ ਬਿੱਲ ਸੈਨੇਟ ਤੋਂ ਵੀ ਪਾਸ ਹੋ ਜਾਂਦਾ ਹੈ, ਤਾਂ ਸ਼ਾਇਦ ਇਹ ਪਹਿਲੀ ਵਾਰ ਹੋਵੇਗਾ, ਜਦੋਂ ਅਮਰੀਕੀ ਸਰਕਾਰ ਕਿਸੇ ਸੋਸ਼ਲ ਮੀਡੀਆ ਐਪ 'ਤੇ ਪਾਬੰਦੀ ਲਗਾਏਗੀ। ਇਸ ਬਿੱਲ ਵਿਚ ਟਿਕਟੌਕ ਦੀ ਚੀਨੀ ਮੂਲ ਕੰਪਨੀ 'ਬਾਈਟਡਾਂਸ' ਨੂੰ 'ਟਿਕਟੌਕ' ਵੇਚਣ ਲਈ ਇੱਕ ਸਾਲ ਦਾ ਸਮਾਂ ਦਿੱਤਾ ਗਿਆ ਹੈ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
+1 (209) 303-1260 +91 81463-20009

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS



Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY



**Apply online at www.lendingassets.com and check out the live lowest rates on our website**


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# 'ਮਨ ਕੀ ਬਾਤ' ਕਰਨ ਵਾਲਾ ਮੀਡੀਆ ਤੋਂ ਖ਼ੌਫ਼ਜ਼ਦਾ ਕਿਉਂ?




ਜਦ ਡਾ. ਮਨਮੋਹਨ ਸਿੰਘ ਪ੍ਰਧਾਨ ਮੰਤਰੀ ਸਨ ਤਾਂ ਨਰਿੰਦਰ ਮੋਦੀ ਉਨ੍ਹਾਂ ਨੂੰ ਮੋਨ ਮਨਮੋਹਨ ਸਿੰਘ ਕਹਿੰਦੇ ਹੁੰਦੇ ਸਨ ਕਿਉਂਕਿ ਉਹ ਬਹੁਤ ਘੱਟ ਬਿਆਨਬਾਜ਼ੀ ਕਰਦੇ ਸਨ। ਉਂਜ, ਉਹ ਭਾਵੇਂ ਘੱਟ ਬੋਲਦੇ ਸਨ ਪਰ ਉਹ ਸਾਲ ਵਿਚ ਦੋ ਪ੍ਰੈੱਸ ਕਾਨਫਰੰਸਾਂ ਜ਼ਰੂਰ ਕਰਦੇ ਸਨ ਤੇ ਜਦ ਵਿਦੇਸ਼ ਜਾਂਦੇ ਸਨ ਤਾਂ ਉਹ ਉੱਥੇ ਵੀ ਮੀਡੀਆ ਕਰਮੀਆਂ ਦਾ ਸਾਹਮਣਾ ਕਰਦੇ ਸਨ ਤੇ ਵਾਪਿਸ ਆ ਕੇ ਫਿਰ ਪ੍ਰੈੱਸ ਕਾਨਫਰੰਸ ਕਰਦੇ ਸਨ। ਹੈਰਾਨੀ ਇਸ ਗੱਲ ਦੀ ਹੈ ਕਿ ਮੋਦੀ ਮੁਲਕ ਦੇ ਪਹਿਲੇ ਅਜਿਹੇ ਪ੍ਰਧਾਨ ਮੰਤਰੀ ਹਨ ਜਿਨ੍ਹਾਂ ਨੇ ਅਜੇ ਤੱਕ ਕੋਈ ਵੀ ਪ੍ਰੈੱਸ ਕਾਨਫਰੰਸ ਨਹੀਂ ਕਰਵਾਈ। ਜੇ ਉਨ੍ਹਾਂ ਦੀ ਮੀਡੀਆ ਪ੍ਰਤੀ ਇਹੋ ਪਹੁੰਚ ਰਹੀ ਤਾਂ ਉਨ੍ਹਾਂ ਦਾ ਨਾਂ ਗਿਨੀ ਬੁੱਕਸ ਵਿਚ ਲਿਖਿਆ ਜਾਵੇਗਾ। ਹਰ ਪ੍ਰਧਾਨ ਮੰਤਰੀ ਨੇ ਮੀਡੀਆ ਸਲਾਹਕਾਰ ਰੱਖਿਆ ਹੁੰਦਾ ਹੈ ਪਰ ਮੋਦੀ ਨੇ ਅਜਿਹਾ ਨਹੀਂ ਕੀਤਾ।

ਬਤੌਰ ਪ੍ਰਧਾਨ ਮੰਤਰੀ ਜਦੋਂ ਡਾ. ਮਨਮੋਹਨ ਸਿੰਘ ਵਿਦੇਸ਼ ਦੌਰੇ ਉੱਤੇ ਜਾਂਦੇ ਸਨ ਤਾਂ ਆਪਣੇ ਨਾਲ 40 ਤੋਂ ਵੀ ਵੱਧ ਮੀਡੀਆ ਕਰਮੀ ਲਿਜਾਂਦੇ ਹੁੰਦੇ ਸਨ ਤੇ ਜਹਾਜ਼ ਵਿਚ ਵੀ ਪ੍ਰੈੱਸ ਕਾਨਫਰੰਸ ਕਰਦੇ ਸਨ। ਪ੍ਰੈੱਸ ਰਿਪੋਰਟਰਾਂ ਨੂੰ ਵਿਦੇਸ਼ ਵਿਚ ਨਾਲ ਲਿਜਾਣ ਦੀ ਪ੍ਰੰਪਰਾ ਵੀ ਮੋਦੀ ਨੇ ਤੋੜੀ। ਡਾ. ਮਨਮੋਹਨ ਸਿੰਘ ਦੀ 18 ਦਸੰਬਰ 2018 ਨੂੰ 6 ਜਿਲਦਾਂ ਵਿਚ 'ਚੇਂਜਿੰਗ ਇੰਡੀਆ' (ਬਦਲ ਰਿਹਾ ਭਾਰਤ) ਪੁਸਤਕ ਲੜੀ ਪ੍ਰਕਾਸ਼ਿਤ ਹੋਈ ਹੈ ਜਿਨ੍ਹਾਂ ਵਿਚੋਂ ਇਕ ਪੁਸਤਕ ਵਿਚ ਉਨ੍ਹਾਂ ਨੇ ਮੀਡੀਆ ਦੇ ਆਪਣੇ ਸਬੰਧਾਂ ਬਾਰੇ ਵਿਸਥਾਰ ਨਾਲ ਜ਼ਿਕਰ ਕੀਤਾ ਹੈ।

ਉਨ੍ਹਾਂ ਪੁਸਤਕ ਰਿਲੀਜ਼ ਕਰਦੇ ਸਮੇਂ ਕਿਹਾ ਕਿ ਉਹ ਕਦੇ ਵੀ ਮੀਡੀਆ ਤੋਂ ਡਰੇ ਨਹੀਂ। ਵਿਦੇਸ਼ ਜਾਣ ਸਮੇਂ ਜਹਾਜ਼ ਵਿਚ, ਵਿਦੇਸ਼ ਵਿਚ ਅਤੇ ਵਾਪਿਸ ਮੁਲਕ ਪਰਤ ਕੇ ਬਾਕਾਇਦਾ ਪ੍ਰੈੱਸ ਕਾਨਫ਼ਰੰਸਾਂ ਕੀਤੀਆਂ। ਅਗਾਂਹਵਧੂ ਮੁਲਕਾਂ ਦੀ ਇਹ ਪ੍ਰੰਪਰਾ ਰਹੀ ਹੈ ਕਿ ਸਰਕਾਰੀ ਕੰਮਕਾਜ ਵਿਚ ਪਾਰਦਰਸ਼ਤਾ ਦਰਸਾਉਣ ਤੇ ਪ੍ਰਸ਼ਾਸਨ ਨੂੰ ਜੁਆਬਦੇਹ ਬਣਾਉਣ ਲਈ ਪ੍ਰੈੱਸ ਕਾਨਫਰੰਸਾਂ ਆਮ ਕੀਤੀਆਂ ਜਾਂਦੀਆਂ ਹਨ। ਅਮਰੀਕਾ ਦੀ ਮਿਸਾਲ ਸਾਡੇ ਸਾਹਮਣੇ ਹੈ। ਰਾਸ਼ਟਰਪਤੀ ਟਰੰਪ ਵਿਵਾਦ ਵਾਲੇ ਬਿਆਨਾਂ ਕਰਕੇ ਅਕਸਰ ਮੀਡੀਆ ਵਿਚ ਰਹਿੰਦੇ ਹਨ। ਵ੍ਹਾਈਟ ਹਾਊਸ ਵੱਲੋਂ ਵੀ ਰੋਜ਼ਾਨਾ ਕੋਈ ਨਾ ਕੋਈ ਬਿਆਨ ਜਾਰੀ ਕੀਤਾ ਜਾਂਦਾ ਹੈ। ਮੋਦੀ ਸਰਕਾਰ ਵੱਲੋਂ ਵਿਸ਼ੇਸ਼ ਮੀਡੀਆ ਨੂੰ ਪਹਿਲ ਦਿੱਤੀ ਜਾਂਦੀ ਹੈ ਤੇ ਦੋ ਟੀਵੀ ਚੈਨਲ ਅਜਿਹੇ ਹਨ ਜਿਹੜੇ ਉਸ ਦੀਆਂ ਮੁਲਾਕਾਤਾਂ ਨਸ਼ਰ ਕਰਦੇ ਰਹਿੰਦੇ ਹਨ ਅਤੇ ਉਨ੍ਹਾਂ ਨੂੰ ਇਸ਼ਤਿਹਾਰ ਕਥਿਤ ਤੌਰ 'ਤੇ ਸਰਕਾਰ ਵੱਲੋਂ ਦਿੱਤੇ ਜਾਂਦੇ ਹਨ। ਇਨ੍ਹਾਂ ਕਾਨਫਰੰਸਾਂ ਵਿਚ ਵਿਵਾਦ ਵਾਲੇ ਸੁਆਲ ਨਹੀਂ ਪੁੱਛੇ ਹੀ ਜਾਂਦੇ। ਡਾ. ਮਨਮੋਹਨ ਸਿੰਘ ਨਾਮਜ਼ਦ ਪ੍ਰਧਾਨ ਮੰਤਰੀ ਸਨ ਕਿਉਂਕਿ ਉਹ ਰਾਜ ਸਭਾ ਦੇ ਮੈਂਬਰ ਸਨ ਪਰ ਮੌਜੂਦਾ ਪ੍ਰਧਾਨ ਮੰਤਰੀ ਤਾਂ ਲੋਕ ਸਭਾ ਦੇ ਮੈਂਬਰ ਹਨ ਜਿਨ੍ਹਾਂ ਨੂੰ ਲੋਕਾਂ ਪ੍ਰਤੀ ਜ਼ਿਆਦਾ ਜੁਆਬਦੇਹ ਹੋਣਾ ਚਾਹੀਦਾ ਹੈ। ਉਹ 'ਮਨ ਕੀ ਬਾਤ' ਪ੍ਰੋਗਰਾਮ ਅਧੀਨ ਆਪਣੀ ਗੱਲ ਤਾਂ ਲੋਕਾਂ ਤੀਕ ਪਹੁੰਚਾ ਦਿੰਦੇ ਹਨ ਪਰ ਪ੍ਰੈੱਸ ਜਿਸ ਨੂੰ ਲੋਕਤੰਤਰ ਦਾ ਚੌਥਾ ਥੰਮ੍ਹ ਕਿਹਾ ਜਾਂਦਾ ਹੈ, ਦਾ ਸਾਹਮਣਾ ਕਰਨ ਨੂੰ ਤਿਆਰ ਨਹੀਂ। ਅਜਿਹਾ ਕਰਕੇ ਉਹ ਚੰਗੀ ਪ੍ਰੰਪਰਾ ਨਹੀਂ ਪਾ ਰਹੇ। ਮੀਡੀਆ ਕਰਮੀਆਂ ਦਾ ਸਰਕਾਰਾਂ ਨਾਲ ਹਮੇਸ਼ਾਂ ਗੂੜ੍ਹਾ ਸਬੰਧ ਰਿਹਾ ਹੈ ਪਰ ਮੋਦੀ ਸਰਕਾਰ ਨੇ ਇਸ ਪ੍ਰੰਪਰਾ ਨੂੰ ਵੀ ਬਹੁਤ ਬੁਰੀ ਤਰ੍ਹਾਂ ਢਾਹ ਲਾਈ ਹੈ। ਅਟਲ ਬਿਹਾਰੀ ਵਾਜਪਾਈ ਸਮੇਤ ਸਾਰੇ ਪ੍ਰਧਾਨ ਮੰਤਰੀਆਂ ਨੇ ਪ੍ਰੈੱਸ ਸਲਾਹਕਾਰ ਰੱਖਿਆ ਜੋ ਮੀਡੀਆ ਕਰਮੀਆਂ ਨਾਲ ਜੁੜਿਆ ਹੁੰਦਾ ਸੀ। ਹੁਣ ਮੀਡੀਆ ਨੂੰ ਇਹ ਨਹੀਂ ਪਤਾ ਕਿ ਪ੍ਰਧਾਨ ਮੰਤਰੀ ਦਫ਼ਤਰ ਕਿਸ ਨਾਲ ਸੰਪਰਕ ਕੀਤਾ ਜਾਵੇ।

ਭਾਰਤ ਸਰਕਾਰ ਦਾ ਪ੍ਰੈੱਸ ਸੂਚਨਾ ਬਿਓਰੋ (ਪਬਲਿਕ ਇਨਫਰਮਿਸ਼ਨ ਬਿਓਰੋ) ਵੱਲੋਂ ਪਹਿਲਾਂ ਮਾਨਤਾ ਪ੍ਰਾਪਤ ਪ੍ਰੈੱਸ ਰਿਪੋਟਰਾਂ ਨੂੰ ਵੱਖ ਵੱਖ ਮਹਿਕਮਿਆਂ, ਮੰਤਰੀਆਂ ਪਾਸ ਆਮ ਜਾਣ ਦੀ ਖੁੱਲ੍ਹ ਸੀ ਜੋ ਇਨ੍ਹਾਂ ਨੇ ਬੰਦ ਕਰ ਦਿੱਤੀ ਹੈ। ਕੇਂਦਰੀ ਸੂਚਨਾ ਬਿਓਰੋ ਦਾ ਪਛਾਣ ਪੱਤਰ ਹੋਣ ਦੇ ਬਾਵਜੂਦ ਕਈ ਤਰ੍ਹਾਂ ਸੁਆਲ ਪੁੱਛੇ ਜਾਂਦੇ ਹਨ। ਜਿਸ ਅਫ਼ਸਰ ਨੂੰ ਮਿਲਣਾ ਵੀ ਹੁੰਦਾ ਹੈ, ਉਹ ਵੀ ਕਈ ਤਰ੍ਹਾਂ ਦੇ ਉਲਟ ਪੁਲਟ ਸੁਆਲ ਪੁੱਛਦਾ ਹੈ। ਇਉਂ ਮੀਡੀਆ ਕਰਮੀਆਂ ਨੂੰ ਜਿਹੜੀਆਂ ਸੂਚਨਾਵਾਂ ਪਹਿਲਾਂ ਸੌਖਿਆਂ ਹੀ ਮਿਲ ਜਾਂਦੀਆਂ ਸਨ, ਹੁਣ ਮਿਲਣੀਆਂ ਬਹੁਤ ਮੁਸ਼ਕਿਲ ਹੋ ਗਈਆਂ ਹਨ। ਵਿਦੇਸ਼ੀ ਪੱਤਰਕਾਰਾਂ ਦਾ ਵੀ ਗਿਲਾ ਹੈ ਕਿ ਇਸ ਸਮੇਂ ਵਿਵਾਦ ਵਾਲੇ ਬਹੁਤ ਸਾਰੇ ਮੁੱਦੇ ਹਨ ਜਿਨ੍ਹਾਂ ਬਾਰੇ ਉਹ ਜਾਨਣਾ ਚਾਹੁੰਦੇ ਹਨ ਪਰ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਨੂੰ ਮਿਲਣ ਦਾ ਮੌਕਾ ਨਹੀਂ ਦਿੱਤਾ ਜਾ ਰਿਹਾ। 2005 ਵਿਚ ਸੂਚਨਾ ਅਧਿਕਾਰ ਐਕਟ (ਆਰਟੀਆਈ) ਅਧੀਨ ਨਾਗਰਿਕਾਂ ਨੂੰ ਜਾਣਕਾਰੀ ਲੈਣ ਦਾ ਅਧਿਕਾਰ ਦਿੱਤਾ ਗਿਆ ਹੈ ਪਰ ਪ੍ਰਧਾਨ ਮੰਤਰੀ ਦਫ਼ਤਰ ਬਿਨਾ ਕੋਈ ਕਾਰਨ ਦੱਸੇ, ਬਹੁਤ ਸਾਰੇ ਕੇਸਾਂ ਵਿਚ ਸੂਚਨਾ ਦੇਣ ਤੋਂ ਇਨਕਾਰ ਕਰ ਦਿੰਦਾ ਹੈ। ਪਾਰਲੀਮੈਂਟ ਦੇ ਕੇਂਦਰੀ ਹਾਲ ਜਿੱਥੇ ਪਹਿਲਾਂ ਪੱਤਰਕਾਰ ਇਕੱਠੇ ਹੋ ਕੇ ਮੰਤਰੀਆਂ ਅਤੇ ਸੰਸਦ ਮੈਂਬਰਾਂ ਨੂੰ ਮਿਲਦੇ ਹੁੰਦੇ ਸਨ, ਵਿਚ ਹੁਣ ਪ੍ਰਧਾਨ ਮੰਤਰੀ ਦੇ ਵਿਸ਼ਵਾਸਪਾਤਰ ਦੀ ਡਿਊਟੀ ਲਾਈ ਗਈ ਹੈ, ਜਿਹੜਾ ਭਾਜਪਾ ਦੇ ਮੈਂਬਰਾਂ ਅਤੇ ਮੰਤਰੀਆਂ ਦੀ ਸੂਚੀ ਤਿਆਰ ਕਰਕੇ ਦਿੰਦਾ ਹੈ ਜਿਨ੍ਹਾਂ ਨੇ ਮੀਡੀਆ ਨਾਲ ਗੱਲਬਾਤ ਕਰਨੀ ਹੁੰਦੀ ਹੈ।

ਸੁਆਲ ਪੈਦਾ ਹੁੰਦਾ ਹੈ ਕਿ ਮੀਡੀਆ ਬਾਰੇ ਪ੍ਰਧਾਨ ਮੰਤਰੀ ਦੀ ਅਜਿਹੀ ਪਹੁੰਚ ਕਿਉਂ ਹੈ? ਗੁਜਰਾਤ ਦੇ ਪੱਤਰਕਾਰ ਜਿਹੜੇ ਮੋਦੀ ਨੂੰ ਗੁਜਰਾਤ ਦੇ ਮੁੱਖ ਮੰਤਰੀ ਸਮੇਂ ਤੋਂ ਜਾਣਦੇ ਹਨ, ਦਾ ਕਹਿਣਾ ਹੈ ਕਿ ਮੀਡੀਆ ਪ੍ਰਤੀ ਇਹ ਪਹੁੰਚ ਉਸ ਸਮੇਂ ਤੋਂ ਹੀ ਹੈ, ਜਦ 2002 ਵਿਚ ਗੁਜਰਾਤ ਦੇ ਦੰਗਿਆਂ ਵਿਚ ਵੱਡੀ ਪੱਧਰ ਉੱਤੇ ਮੁਲਕ ਦੀ ਵੱਡੀ ਘੱਟ ਗਿਣਤੀ ਨਾਲ ਸਬੰਧਿਤ ਲੋਕਾਂ ਦਾ ਕਤਲ ਕੀਤਾ ਗਿਆ ਸੀ ਅਤੇ ਭਾਰਤੀ ਤੇ ਵਿਦੇਸ਼ੀ ਪੱਤਰਕਾਰਾਂ ਨੇ ਗੁਜਰਾਤ ਸਰਕਾਰ ਨੂੰ ਬੁਰੀ ਤਰ੍ਹਾਂ ਘੇਰਿਆ ਸੀ।

ਗੁਜਰਾਤ ਮਾਡਲ ਹੀ ਦਿੱਲੀ ਵਿਚ ਲਾਗੂ ਕੀਤਾ ਗਿਆ ਹੈ। ਕਾਂਗਰਸ ਪਾਰਟੀ ਦਾ ਦੋਸ਼ ਹੈ ਕਿ ਡਾ. ਮਨਮੋਹਨ ਸਿੰਘ ਸਰਕਾਰ ਸਮੇਂ ਮੰਤਰੀ ਵੱਖ ਵੱਖ ਵਿਸ਼ਿਆਂ ਉੱਤੇ ਅਕਸਰ ਪ੍ਰੈੱਸ ਕਾਨਫਰੰਸਾਂ ਕਰਦੇ ਹੁੰਦੇ ਸਨ ਅਤੇ ਪੱਤਰਕਾਰਾਂ ਨੂੰ ਉਨ੍ਹਾਂ ਦੇ ਸੁਆਲਾਂ ਦੇ ਜੁਆਬ ਦਿੰਦੇ ਸਨ ਪਰ ਮੋਦੀ ਸਰਕਾਰ ਨੇ ਕੇਵਲ ਦੋ ਮੰਤਰੀਆਂ-ਕਾਨੂੰਨ ਮੰਤਰੀ ਰਵੀ ਸ਼ੰਕਰ ਪ੍ਰਸਾਦ ਅਤੇ ਸੂਚਨਾ ਤੇ ਪ੍ਰਸਾਰਨ ਮੰਤਰੀ ਪ੍ਰਕਾਸ਼ ਜਾਵੜੇਕਰ ਨੂੰ ਸਰਕਾਰ ਵੱਲੋਂ ਬੋਲਣ ਦਾ ਅਧਿਕਾਰ ਦਿੱਤਾ ਹੈ। ਕਿਸੇ ਮੰਤਰੀ ਨੇ ਆਪਣੇ ਮਹਿਕਮੇ ਬਾਰੇ ਕਦੀ ਕੋਈ ਪ੍ਰੈੱਸ ਕਾਨਫਰੰਸ ਨਹੀਂ ਕੀਤੀ। ਵੱਖ ਵੱਖ ਮਸਲਿਆਂ ਬਾਰੇ ਬਿਆਨਾਂ ਬਾਬਤ ਇਹੀ ਸੱਚ ਹੈ। ਗੁਜਰਾਤ ਦੰਗਿਆਂ ਤੋਂ ਬਾਅਦ ਅਮਰੀਕਾ ਨੇ ਨਰਿੰਦਰ ਮੋਦੀ ਨੂੰ ਵੀਜ਼ਾ ਦੇਣ 'ਤੇ ਪਾਬੰਦੀ ਲਾ ਦਿੱਤੀ ਸੀ ਅਤੇ ਉਹ ਮੁਲਕ ਦੇ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਹੀ ਅਮਰੀਕਾ ਵਿਚ ਪੈਰ ਪਾ ਸਕੇ ਸਨ। ਇਸ ਤਰ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਜੀਵਨ ਬੜੇ ਵਿਵਾਦਾਂ ਵਿਚ ਘਿਰਿਆ ਹੋਇਆ ਹੈ। ਜੇ ਹੁਣ ਵੀ ਦੇਖਿਆ ਜਾਵੇ ਤਾਂ ਮੋਦੀ ਵੱਲੋਂ 'ਅੱਛੇ ਦਿਨ' ਲਿਆਉਣ ਲਈ ਜਿਹੜੇ ਵਾਅਦੇ ਚੋਣ ਮੈਨੀਫੈਸਟੋ ਵਿਚ ਕੀਤੇ ਗਏ, ਉਨ੍ਹਾਂ ਵਿਚ ਕੋਈ ਵੀ ਪੂਰਾ ਨਹੀਂ ਕੀਤਾ ਗਿਆ। ਇਸ ਬਾਰੇ ਮੀਡੀਆ ਵਿਚ ਗਾਹੇ-ਬਗਾਹੇ ਚਰਚਾ ਹੁੰਦੀ ਰਹਿੰਦੀ ਹੈ। ਇਕ ਤੱਥ ਹੋਰ ਵੀ ਹੈ, ਭਾਜਪਾ ਦੀ ਅਗਵਾਈ ਵਾਲੀ ਮੌਜੂਦਾ ਸਰਕਾਰ ਨੇ ਪਿਛਲੀ ਸਰਕਾਰ ਦੀਆਂ ਨੀਤੀਆਂ ਨੂੰ ਹੀ ਲਾਗੂ ਕੀਤਾ ਹੈ ਜਦਕਿ ਭਾਜਪਾ ਜਦੋਂ ਵਿਰੋਧੀ ਪਾਰਟੀ ਵਜੋਂ ਵਿਚਰਦੀ ਸੀ ਤਾਂ ਇਨ੍ਹਾਂ ਹੀ ਨੀਤੀਆਂ ਮੁਖ਼ਲਾਫ਼ਤ ਕਰਦੀ ਹੁੰਦੀ । ਭਾਜਪਾ ਕੋਲ ਚੋਣਾਂ ਸਮੇਂ ਕੀਤੇ ਵਾਅਦਿਆਂ ਜਿਵੇਂ ਵਿਦੇਸ਼ਾਂ ਵਿਚ ਪਿਆ ਕਾਲਾ ਧਨ ਲਿਆ ਕੇ ਹਰ ਨਾਗਰਿਕ ਦੇ ਖਾਤੇ ਵਿਚ 15-15 ਲੱਖ ਰੁਪਏ ਜਮ੍ਹਾਂ ਕਰਾਉਣਾ, ਹਰ ਸਾਲ ਦੋ ਕਰੋੜ ਨੌਕਰੀਆਂ ਪੈਦਾ ਕਰਨਾ, ਕਿਸਾਨਾਂ ਨੂੰ ਫ਼ਸਲਾਂ ਦੀਆਂ ਕੀਮਤਾਂ ਲਾਗਤ ਕੀਮਤ ਨਾਲੋਂ ਡਿਊੜੀਆਂ ਦੇਣਾ, ਰਾਮ ਮੰਦਰ ਬਣਾਉਣਾ ਵਗੈਰਾ ਵਗੈਰਾ ਕੋਈ ਵੀ ਪੂਰਾ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਕੋਲ ਇਨ੍ਹਾਂ ਮਸਲਿਆਂ ਦੇ ਕੋਈ ਢੁਕਵੇਂ ਜੁਆਬ ਹਨ। ਉਨ੍ਹਾਂ 'ਇਕ ਚੁੱਪ ਸੌ ਸੁੱਖ' ਵਾਲੀ ਨੀਤੀ ਧਾਰਨ ਕੀਤੀ ਹੋਈ ਹੈ।

ਵੋਟਾਂ ਬਟੋਰਨ ਲਈ ਅਖ਼ਬਾਰਾਂ ਅਤੇ ਟੀਵੀ ਚੈਨਲਾਂ ਉੱਤੇ ਸਰਕਾਰ ਦੀਆਂ ਪ੍ਰਾਪਤੀਆਂ ਦੇ ਗੁਣ-ਗਾਇਨ ਕਰਕੇ ਟੈਕਸਾਂ ਰਾਹੀਂ ਇਕੱਠੇ ਹੋਏ ਕੋਈ 2400 ਕਰੋੜ ਰੁਪਏ ਖ਼ਰਚੇ ਜਾ ਚੁੱਕੇ ਹਨ। ਮੁਲਕ ਦੀਆਂ ਸਮੱਸਿਆਵਾਂ ਘਟਣ ਦੀ ਥਾਂ ਨਾ ਕੇਵਲ ਵਧੀਆਂ ਹਨ ਗੁੰਝਲਦਾਰ ਹੋਈਆਂ ਹਨ।

ਇਸ ਸਰਕਾਰ ਉਪਰ ਤਾਨਾਸ਼ਾਹ ਸਰਕਾਰ ਹੋਣ ਦਾ ਦੋਸ਼ ਵੀ ਲਗਦਾ ਹੈ। ਸਰਕਾਰ ਖ਼ਿਲਾਫ਼ ਪ੍ਰਚਾਰ ਕਰਨ ਵਾਲੇ ਚੈਨਲਾਂ ਦੀ ਆਵਾਜ਼ ਦਬਾਉਣ ਲਈ ਕਈ ਹੱਥਕੰਡੇ ਵਰਤੇ ਜਾਂਦੇ ਹਨ। ਉੱਘੇ ਟੀਵੀ ਚੈਨਲ ਐੱਨਡੀਟੀਵੀ ਜੋ ਸਰਕਾਰ ਦੀ ਸਖ਼ਤ ਨੁਕਤਾਚੀਨੀ ਕਰਦਾ ਹੈ, ਦੇ ਦਫ਼ਤਰ ਅਤੇ ਇਸ ਚੈਨਲ ਨੂੰ ਚਲਾਉਣ ਵਾਲਿਆਂ ਦੇ ਘਰ ਸੀਬੀਆਈ ਦੇ ਛਾਪੇ ਮਾਰੇ ਗਏ। ਸਰਕਾਰ ਖ਼ਿਲਾਫ਼ ਲਿਖਣ ਵਾਲੇ ਲੇਖਕਾਂ 'ਤੇ ਦੇਸ਼ਧ੍ਰੋਹ ਦੇ ਕੇਸ ਦਰਜ ਕੀਤੇ ਗਏ। ਹੋਰ ਤਾਂ ਹੋਰ, ਸਰਕਾਰ ਨਾਲ ਜੁੜੀਆਂ ਕਈ ਜਥੇਬੰਦੀਆਂ ਉੱਤੇ ਲੇਖਕਾਂ ਦੇ ਕਤਲ ਕਰਨ ਦੇ ਦੋਸ਼ ਤੱਕ ਲੱਗ ਰਹੇ ਹਨ। ਵੰਨ-ਸੁਵੰਨਤਾ ਪ੍ਰਫੁਲਿਤ ਕਰਨ ਦੀ ਥਾਂ ਵਿਸ਼ੇਸ਼ ਵਿਚਾਰਧਾਰਾ ਥੋਪੀ ਜਾ ਰਹੀ ਹੈ। ਇਉਂ ਲੋਕਤੰਤਰ ਦੀ ਥਾਂ ਤਾਨਾਸ਼ਾਹੀ ਭਾਰੂ ਹੋ ਰਹੀ ਹੈ। ਇਸ ਲਈ ਲੋੜ ਹੈ ਕਿ ਆਉਂਦੀਆਂ ਚੋਣਾਂ ਵਿਚ ਅਜਿਹੀ ਪਾਰਟੀ ਨੂੰ ਅੱਗੇ ਲਿਆਂਦਾ ਜਾਵੇ ਜਿਹੜੀ ਬੋਲਣ, ਲਿਖਣ ਦੀ ਆਜ਼ਾਦੀ ਨੂੰ ਬਹਾਲ ਕਰੇ; ਪ੍ਰਧਾਨ ਮੰਤਰੀ ਦੇ ਮੀਡੀਆ ਨਾਲ ਸੁਖਾਵੇਂ ਸਬੰਧ ਹੋਣ ਅਤੇ ਉਹ ਸਮੇਂ ਸਮੇਂ ਪ੍ਰੈੱਸ ਕਾਨਫ਼ਰੰਸਾਂ ਕਰਨ ਤਾਂ ਜੋ ਉਨ੍ਹਾਂ ਨੂੰ ਲੋਕਾਂ ਦੇ ਮਸਲਿਆਂ ਬਾਰੇ ਸਹੀ ਜਾਣਕਾਰੀ ਮਿਲ ਸਕੇ।

ਕੰਨਿਆ ਦੀ ਲੋੜ
ਅਮਰੀਕਨ ਨਾਗਰਿਕ ਸਿੱਖ ਮੁੰਡਾ ਜਨਮ 1984, 5'10" ਤਲਾਕਸ਼ੁਦਾ ਕੋਈ ਬੱਚਾ ਨਹੀਂ, ਲਈ ਅਮਰੀਕਾ ਵਿੱਚ ਪੱਕੀ ਜਾਂ ਗਰੀਨ ਕਾਰਡ ਹੋਲਡਰ ਲੜਕੀ ਦੀ ਜਰੂਰਤ ਹੈ।
ਸੰਪਰਕ- +1(510) 200-1772

Looking for a Bride for American Citizen Sikh Boy divorced from short marriage, No Kids. Born in 1984, height 5'10". Looking for American Citizen or Green Card Holder Girl.
Contact- +1(510) 200-1772


GLOBAL DEFENCE SCHOOL PATIALA
A Unique Boarding School Of Patiala
with Largest Campus
GLOBAL DEFENCE SCHOOL
AIM FOR EXCELLENCE
Choose to shine LIKE THE RISING SUN.
ADMISSIONS
SESSION 2024-25 OPEN
Nursery to 7th
CBSE PATTERN
" THE BEST CHOICE FOR YOUR KIDS"
Enroll Now
Day Cum Residential School
+91 9872601534, +91 9023433311
admission@globaldefenceschool.com
Nabha-Patiala Road, Rakhra Pincode 147201


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330


GINNY BEDI LAW PC
Ginny Bedi Attorney
★ Immigration
★ Divorce
★ Custody and Support issues
★ Business Disputes
★ Living Trusts
★ Criminal Matters
★ Misdemeanors
★ DUI
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

# ਮਾਰਕਫੈੱਡ ਦੇ ਐਮ.ਡੀ. ਨੇ ਨਿਰਵਿਘਨ ਖਰੀਦ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਸਬੰਧਤ ਡਿਪਟੀ ਕਮਿਸ਼ਨਰਾਂ ਦੇ ਨਾਲ ਲੁਧਿਆਣਾ, ਮੋਗਾ ਅਤੇ ਫਿਰੋਜ਼ਪੁਰ ਦੀਆਂ ਮੰਡੀਆਂ ਦਾ ਕੀਤਾ ਦੌਰਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਕਿਸਾਨਾਂ ਪ੍ਰਤੀ ਫਸਲ ਦੀ ਨਿਰਵਿਘਨ ਖਰੀਦ ਦੀ ਵਚਨਬੱਧਤਾ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਗਿਰੀਸ਼ ਦਿਆਲਨ, ਐਮ.ਡੀ. ਮਾਰਕਫੈੱਡ ਨੇ ਲੁਧਿਆਣਾ, ਮੋਗਾ ਅਤੇ ਫਿਰੋਜ਼ਪੁਰ ਜ਼ਿਲਿਆਂ ਦੀਆਂ ਵੱਖ-ਵੱਖ ਮੰਡੀਆਂ ਦਾ ਦੌਰਾ ਕੀਤਾ।

ਉਨ੍ਹਾਂ ਲੁਧਿਆਣਾ ਵਿਖੇ ਡਿਪਟੀ ਕਮਿਸ਼ਨਰ, ਲੁਧਿਆਣਾ ਸ਼੍ਰੀਮਤੀ ਸਾਕਸ਼ੀ ਸਾਹਨੀ ਦੇ ਨਾਲ ਜਗਰਾਉਂ ਸਬ-ਡਵੀਜ਼ਨ ਦੀਆਂ ਮੰਡੀਆਂ ਦਾ ਸਾਂਝਾ ਦੌਰਾ ਕੀਤਾ। ਇਸ ਦੌਰਾਨ ਪਾਇਆ ਗਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਬਕਾਇਆ ਅਦਾਇਗੀ ਦੇ ਮੁਕਾਬਲੇ ਕੀਤੀ ਗਈ ਸਮੁੱਚੀ ਅਦਾਇਗੀ 120 ਫੀਸਦ ਹੈ - ਇਸ ਤਰ੍ਹਾਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਕਿਸਾਨਾਂ ਨੂੰ ਕੋਈ ਦਿੱਕਤ - ਪਰੇਸ਼ਾਨੀ ਨਾ ਹੋਵੇ ਅਤੇ ਅਦਾਇਗੀਆਂ 48 ਘੰਟੇ ਦੇ ਨਿਯਮਾਂ ਤੋਂ ਪਹਿਲਾਂ ਹੀ ਕੀਤੀਆਂ ਜਾ ਰਹੀਆਂ ਹਨ।

ਏਜੰਸੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਉਹ 24 ਘੰਟਿਆਂ ਵਿੱਚ ਖਰੀਦ ਨੂੰ ਯਕੀਨੀ ਬਣਾਉਣ ਅਤੇ 48 ਘੰਟਿਆਂ ਤੋਂ ਪਹਿਲਾਂ ਹੀ ਭੁਗਤਾਨ ਕਰਨਾ ਜਾਰੀ



ਰੱਖਣ। ਡਿਪਟੀ ਕਮਿਸ਼ਨਰ ਮੋਗਾ ਕੁਲਵੰਤ ਸਿੰਘ ਨਾਲ ਸਾਂਝੇ ਦੌਰੇ ਦੌਰਾਨ ਇਹ ਪਾਇਆ ਗਿਆ ਕਿ ਖਰੀਦ ਦਾ ਕੰਮ ਪੂਰੇ ਜ਼ੋਰਾਂ 'ਤੇ ਹੈ ਪਰ ਬਾਰਦਾਨੇ ਦੀ ਕੁਝ ਵਾਧੂ ਲੋੜ ਹੋਵੇਗੀ, ਜੋ ਕਿ ਐਫ.ਸੀ.ਆਈ. ਵੱਲੋਂ ਉਪਲਬਧ ਕਰਵਾਇਆ ਜਾਵੇਗਾ।

ਮੰਡੀਆਂ ਵਿੱਚੋਂ ਲਿਫਟਿੰਗ ਦੀ ਪ੍ਰਗਤੀ ਨੂੰ 72 ਘੰਟੇ ਦੇ ਨਿਯਮ ਤੋਂ ਪਹਿਲਾਂ ਹੀ ਕਰਨ ਦੀ ਮੰਗ ਕੀਤੀ ਗਈ ਤਾਂ ਜੋ ਥੋੜ੍ਹੇ ਸਮੇਂ ਵਿੱਚ ਵੱਧ ਆਮਦ ਲਈ ਜਗ੍ਹਾ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾ ਸਕੇ ਕਿਉਂਕਿ ਇਸ ਸਾਲ ਫਸਲੀ ਚੱਕਰ ਸੰਕੁਚਿਤ ਹੋ ਗਿਆ ਹੈ। ਫਿਰੋਜ਼ਪੁਰ ਵਿਖੇ ਰਾਜੇਸ਼ ਧੀਮਾਨ, ਡਿਪਟੀ ਕਮਿਸ਼ਨਰ, ਫਿਰੋਜ਼ਪੁਰ ਨਾਲ ਦੌਰੇ ਮੌਕੇ ਇਹ ਵੀ ਪਾਇਆ ਕਿ ਲਿਫਟਿੰਗ ਦੀ ਰਫਤਾਰ ਚੰਗੀ ਹੈ, ਪਰ ਫਿਰ ਵੀ ਵੱਧ ਆਮਦ ਦੇ ਮੱਦੇਨਜ਼ਰ ਹੋਰ ਪ੍ਰਬੰਧਾਂ ਲਈ ਸਾਰੇ ਯਤਨ ਕੀਤੇ ਜਾ ਰਹੇ ਹਨ।

ਇਸ ਮੌਕੇ ਸਮੂਹ ਏਜੰਸੀਆਂ ਦੇ ਸਟਾਫ਼ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਮੰਡੀਆਂ ਨੂੰ ਗੰਦਗੀ ਤੋਂ ਮੁਕਤ ਰੱਖਣ ਲਈ ਲਿਫਟਿੰਗ ਨੂੰ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਇਆ ਜਾਵੇ ਅਤੇ ਨਵੀਂ ਆਈ ਕਣਕ ਲਈ ਜਗ੍ਹਾ ਉਪਲਬਧ ਕਰਵਾਈ ਜਾਵੇ। ਇਹ ਵੀ ਦੇਖਿਆ ਗਿਆ ਕਿ ਫਸਲ ਦੀ ਗੁਣਵੱਤਾ ਬਹੁਤ ਵਧੀਆ ਸੀ ਅਤੇ ਕਿਸਾਨਾਂ ਦੁਆਰਾ ਲਿਆਂਦੀ ਜਾ ਰਹੀ ਉਪਜ 12 ਫੀਸਦ ਨਮੀ ਦੇ ਮਾਪਦੰਡ ਅਨੁਸਾਰ ਸੀ। ਸਾਰੀਆਂ ਮੰਡੀਆਂ ਵਿੱਚ ਬਿਨਾਂ ਕਿਸੇ ਦੇਰੀ ਤੋਂ ਫਸਲ ਖਰੀਦ ਕੀਤੀ ਜਾ ਰਹੀ ਸੀ ਅਤੇ ਜਿਣਸ ਦੀ ਸਫਾਈ ਕਰਕੇ ਅਤੇ ਤੇਜ਼ੀ ਨਾਲ ਬੋਰੀਆਂ ਵਿੱਚ ਭਰਾਈ ਕੀਤੀ ਜਾ ਰਹੀ ਸੀ।

# ਆਮ ਆਦਮੀ ਪਾਰਟੀ ਵਿਕਾਸ ਦੇ ਮੁੱਦੇ ਉਤੇ ਚੋਣ ਪਿੜ ਵਿੱਚ ਉੱਤਰੀ ਹੈ -ਗੁਰਮੀਤ ਸਿੰਘ ਮੀਤ ਹੇਅਰ

ਸੁਨਾਮ
ਸਾਂਝੀ ਸੋਚ ਬਿਊਰੋ

ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਵਿਕਾਸ ਦੇ ਮੁੱਦੇ ਉਤੇ ਚੋਣ ਪਿੜ ਵਿੱਚ ਉੱਤਰੀ ਹੈ ਅਤੇ ਸਰਕਾਰ ਦੀਆਂ ਦੋ ਸਾਲ ਦੀਆਂ ਪ੍ਰਾਪਤੀਆਂ ਨੂੰ ਲੈ ਕੇ ਲੋਕਾਂ ਵਿੱਚ ਜਾਇਆ ਜਾ ਰਿਹਾ ਹੈ। ਇਹ ਗੱਲ ਅੱਜ ਸੁਨਾਮ ਵਿਖੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਗ੍ਰਹਿ ਵਿਖੇ ਸੰਗਰੂਰ ਪਾਰਲੀਮੈਂਟ ਨਾਲ ਸਬੰਧਤ ਵਿਧਾਨ ਸਭਾ ਹਲਕਿਆਂ ਦੇ ਨੁਮਾਇੰਦਿਆਂ ਨਾਲ ਹੋਈ ਮੀਟਿੰਗ ਤੋਂ ਬਾਅਦ ਸੰਗਰੂਰ ਤੋਂ ਪਾਰਟੀ ਉਮੀਦਵਾਰ ਅਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕਹੀ।

ਮੀਟਿੰਗ ਵਿੱਚ ਮੀਤ ਹੇਅਰ ਤੇ ਅਰੋੜਾ ਸਮੇਤ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਵਿਧਾਇਕ ਸਾਥੀ ਜਮੀਲ ਉਰ ਰਹਿਮਾਨ, ਨਰਿੰਦਰ ਕੌਰ ਭਰਾਜ, ਬਰਿੰਦਰ ਗੋਇਲ ਤੇ ਲਾਭ ਸਿੰਘ ਉੱਗੋਕੇ ਅਤੇ ਪਨਸੀਡ ਦੇ ਚੇਅਰਮੈਨ ਤੇ ਲੋਕ ਸਭਾ ਹਲਕਾ ਇੰਚਾਰਜ ਮਹਿੰਦਰ ਸਿੰਘ ਸਿੱਧੂ ਹਾਜ਼ਰ ਸਨ ਜਿਨ੍ਹਾਂ ਮਿਲ ਕੇ ਸੰਗਰੂਰ ਸੀਟ ਆਮ ਆਦਮੀ ਪਾਰਟੀ ਦੀ ਝੋਲੀ ਪਾਉਣ ਲਈ ਦਿਨ-ਰਾਤ ਮਿਹਨਤ ਕਰਨ ਦਾ ਵਿਸ਼ਵਾਸ ਦਿਵਾਇਆ। ਮੀਤ ਹੇਅਰ ਨੇ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਮੀਟਿੰਗ ਦੌਰਾਨ ਚੋਣਾਂ ਬਾਰੇ ਚਰਚਾ ਹੋਈ ਅਤੇ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਘਰ-ਘਰ ਤੱਕ ਪਹੁੰਚਾਣ ਦਾ ਪ੍ਰੋਗਰਾਮ ਉਲੀਕਿਆ ਗਿਆ।

ਉਨ੍ਹਾਂ ਕਿਹਾ ਕਿ ਅਸੀਂ ਆਪਣੀਆਂ ਨੀਤੀਆਂ, ਫੈਸਲਿਆਂ ਅਤੇ ਕੰਮਾਂ ਨੂੰ ਹਰ ਘਰ ਵਿੱਚ ਲਿਜਾਂਵਾਗੇ। ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸਿਰਫ਼ 2 ਸਾਲਾਂ ਵਿੱਚ ਪੰਜਾਬ ਵਿੱਚ ਚਾਰ ਵੱਡੀਆਂ ਗਾਰੰਟੀਆਂ ਪੂਰੀਆਂ ਕੀਤੀਆਂ ਹਨ। ਹਰ ਕਿਸੇ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫਤ ਬਿਜਲੀ, ਸਕੂਲ ਆਫ਼ ਐਮੀਨੈਂਸ, ਆਮ ਆਦਮੀ ਕਲੀਨਿਕ ਅਤੇ ਪ੍ਰਾਈਵੇਟ ਥਰਮਲ ਪਾਵਰ ਪਲਾਂਟ ਖਰੀਦ ਕੇ ਪੰਜਾਬ ਦੇ ਲੋਕਾਂ ਨੂੰ ਦੇ ਦਿੱਤਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਹ ਸਭ ਕੁਝ ਸਿਰਫ਼ ਦੋ ਸਾਲਾਂ ਵਿੱਚ ਹੀ ਹਾਸਲ ਕਰ ਲਿਆ। ਅਸੀਂ ਸ਼ਹੀਦਾਂ ਦੇ ਪਰਿਵਾਰਾਂ ਨੂੰ 1 ਕਰੋੜ ਰੁਪਏ ਐਕਸ-ਗ੍ਰੇਸ਼ੀਆ ਦੇ ਰਹੇ ਹਾਂ। ਅਸੀਂ 14 ਟੋਲ ਪਲਾਜ਼ੇ ਬੰਦ ਕਰਕੇ ਆਮ ਲੋਕਾਂ ਦਾ ਆਰਥਿਕ ਬੋਝ ਘਟਾਇਆ ਹੈ। ਅਸੀਂ ਯੋਗਤਾ ਦੇ ਆਧਾਰ 'ਤੇ ਪੰਜਾਬ ਦੇ ਨੌਜਵਾਨਾਂ ਨੂੰ 43000 ਤੋਂ ਵੱਧ ਨੌਕਰੀਆਂ ਦਿੱਤੀਆਂ ਹਨ। ਸਾਡੀ ਸਰਕਾਰ ਨੇ 13000 ਕੱਚੇ ਅਧਿਆਪਕਾਂ ਨੂੰ ਰੈਗੂਲਰ ਕੀਤਾ। ਖੇਡ ਪੱਖੀ ਮਾਹੌਲ ਸਿਰਜਣ ਲਈ ਨਿਵੇਕਲੀ ਖੇਡ ਨੀਤੀ ਬਣਾਈ। ਟੇਲਾਂ ਤੱਕ ਨਹਿਰੀ ਪਾਣੀ ਪਹੁੰਚਾਇਆ। ਫਸਲਾਂ ਦੀ ਮੰਡੀਕਰਨ ਬਿਹਤਰ ਕੀਤੀ ਅਤੇ ਕਿਸਾਨਾਂ ਨੂੰ ਝੋਨੇ



ਦੇ ਸੀਜ਼ਨ ਵਿੱਚ ਨਿਰਵਿਘਨ 10 ਘੰਟੇ ਬਿਜਲੀ ਦਿੱਤੀ।

ਅਮਨ ਅਰੋੜਾ ਨੇ ਬੋਲਦਿਆਂ ਕਿਹਾ ਕਿ ਅਸੀਂ ਦੋ ਸਾਲਾਂ ਚ ਪ੍ਰਭਾਵਸ਼ਾਲੀ ਕੰਮ ਕੀਤੇ ਹਨ। ਅਸੀਂ ਆਪਣੇ ਸਾਰੇ ਕੰਮਾਂ, ਪ੍ਰਾਪਤੀਆਂ ਅਤੇ ਪੰਜਾਬ ਪੱਖੀ ਫੈਸਲਿਆਂ ਤੋਂ ਲੋਕਾਂ ਨੂੰ ਜਾਣੂ ਕਰਵਾਉਣ ਜਾ ਰਹੇ ਹਾਂ। ਵਲੰਟੀਅਰ ਅਤੇ ਆਗੂ ਲੋਕਾਂ ਨਾਲ ਗੱਲਬਾਤ ਕਰਨਗੇ, ਮੀਟਿੰਗਾਂ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਨੇ ਹਮੇਸ਼ਾ ਹੀ ਉਨ੍ਹਾਂ ਆਗੂਆਂ ਦਾ ਵਿਰੋਧ ਕੀਤਾ ਹੈ ਜਿਨ੍ਹਾਂ ਨੇ ਪੰਜਾਬ ਨਾਲ ਧੋਖਾ ਕੀਤਾ ਹੈ। ਪੰਜਾਬ ਦੇ ਲੋਕ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਨੂੰ ਮੂੰਹ ਨਹੀਂ ਲਾਉਣਗੇ। ਪੰਜਾਬ ਨੇ ਹਮੇਸ਼ਾ ਹੀ ਉਨ੍ਹਾਂ ਆਗੂਆਂ ਦਾ ਵਿਰੋਧ ਕੀਤਾ ਹੈ ਜਿਨ੍ਹਾਂ ਨੇ ਪੰਜਾਬ ਨਾਲ ਧੋਖਾ ਕੀਤਾ ਹੈ।

# ਹਰਦੀਪ ਗਿੱਲ ਦੀ ਹਾਜ਼ਰੀ ਵਿੱਚ ਤਰਸਿੱਕਾ ਦੇ ਦਰਜਨਾਂ ਪਰਿਵਾਰਾਂ ਨੇ ਕੀਤੀ ਭਾਜਪਾ ਵਿੱਚ ਸ਼ਮੂਲੀਅਤ

ਤਰਨ ਤਾਰਨ
ਰਕੇਸ਼ ਨਈਅਰ

ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਤਰਸਿੱਕਾ ਵਿਖੇ ਭਾਰਤੀ ਜਨਤਾ ਪਾਰਟੀ ਅਤੇ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਪਾਰਟੀ ਉਮੀਦਵਾਰ ਮਨਜੀਤ ਸਿੰਘ ਮੰਨਾ ਮੀਆਂਵਿੰਡ ਦੀ ਚੋਣ ਮੁਹਿੰਮ ਨੂੰ ਉਦੋਂ ਹੋਰ ਵੱਡਾ ਬਲ ਮਿਲਿਆ ਜਦ ਕਾਂਗਰਸ ਤੇ ਹੋਰ ਰਿਵਾਇਤੀ ਪਾਰਟੀਆਂ ਨੂੰ ਅਲਵਿਦਾ ਆਖਦੇ ਹੋਏ ਦਰਜਨਾਂ ਪਰਿਵਾਰਾਂ ਨੇ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਹਰਦੀਪ ਸਿੰਘ ਗਿੱਲ ਦੀ ਹਾਜ਼ਰੀ ਵਿੱਚ ਭਾਜਪਾ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ।

ਇਸ ਮੌਕੇ 'ਤੇ ਹਲਕਾ ਇੰਚਾਰਜ ਹਰਦੀਪ ਸਿੰਘ ਗਿੱਲ ਅਤੇ ਚੇਅਰਮੈਨ ਕੰਵਰਵੀਰ ਸਿੰਘ ਮੰਜਿਲ ਵੱਲੋਂ ਸ਼ਾਮਿਲ ਹੋਏ ਪਰਿਵਾਰਾਂ ਨੂੰ ਸਿਰੋਪੇ ਭੇਟ ਕਰਕੇ ਸਨਮਾਨਿਤ ਕਰਦੇ ਹੋਏ ਕਿਹਾ ਕਿ ਭਾਜਪਾ ਵਿੱਚ ਸ਼ਾਮਲ ਹੋਏ ਇੰਨਾ ਪਰਿਵਾਰਾਂ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ 'ਤੇ ਹੋਏ ਇਕੱਠ ਦੌਰਾਨ ਬੋਲਦਿਆਂ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਵਿੱਚ ਸਿਰਫ ਭਾਰਤੀ ਜਨਤਾ ਪਾਰਟੀ ਹੀ ਨਸ਼ਿਆਂ ਤੇ ਗੁੰਡਾਗਰਦੀ ਨੂੰ ਠੱਲ ਪਾ ਸਕਦੀ ਹੈ। ਯੂ.ਪੀ. ਅਤੇ ਬਿਹਾਰ ਵਰਗੇ ਸੂਬੇ ਇਸ ਦੀ ਤਾਜ਼ਾ ਉਦਾਹਰਨ ਹਨ। ਉਨ੍ਹਾਂ ਆਖਿਆ ਕਿ ਪੰਜਾਬ ਦੇ ਲੋਕ ਨਕਲੀ ਬਦਲਾਅ ਤੋਂ ਅੱਕ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਕਿਸੇ ਵੀ ਗਰੀਬ ਮਜ਼ਦੂਰ ਦੀ ਬਾਂਹ ਫੜਨ ਦਾ ਕਸ਼ਟ ਨਹੀਂ ਕੀਤਾ। ਪੰਜਾਬ ਵਿੱਚ ਗਰੀਬਾਂ ਦੀ ਭਲਾਈ ਲਈ ਯੋਜਨਾਵਾਂ ਸਿਰਫ ਮੋਦੀ ਸਰਕਾਰ ਵੱਲੋਂ ਹੀ ਚਲਾਈਆਂ ਗਈਆਂ ਹਨ, ਜਿਸ ਕਰਕੇ ਲੋਕ ਇਸ ਵਾਰ ਭਾਰਤੀ ਜਨਤਾ ਪਾਰਟੀ ਨੂੰ ਫਤਵਾ ਦੇਣ ਦਾ ਮਨ ਬਣਾ ਚੁੱਕੇ ਹਨ। ਇਸ ਮੌਕੇ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਭਾਜਪਾ ਦੇ ਉਮੀਦਵਾਰ ਮਨਜੀਤ ਸਿੰਘ ਮੰਨਾ ਮੀਆਂਵਿੰਡ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਮਦਦ ਕਰਨਗੇ।

ਇਸ ਮੌਕੇ ਮਨਜੀਤ ਸਿੰਘ ਤਰਸਿੱਕਾ ਨੂੰ ਭਾਜਪਾ ਦੇ ਤਰਸਿੱਕਾ ਬਲਾਕ ਦਾ ਮੰਡਲ ਪ੍ਰਧਾਨ ਤੇ ਠੇਕੇਦਾਰ ਲਖਵਿੰਦਰ ਸਿੰਘ ਨੂੰ ਮੀਤ ਪ੍ਰਧਾਨ ਭਾਜਪਾ ਤਰਸਿੱਕਾ ਮੰਡਲ ਬਣਾਉਣ ਦਾ ਐਲਾਨ ਵੀ ਕੀਤਾ ਗਿਆ। ਇਸ ਮੌਕੇ 'ਤੇ ਸੁਪਨਦੀਪ ਸਿੰਘ ਸਾਬੀ ਮੰਡਲ ਪ੍ਰਧਾਨ ਭਾਜਪਾ ਜੰਡਿਆਲਾ ਦਿਹਾਤੀ, ਸਰਬਜੀਤ ਸਿੰਘ ਖਾਨਕੋਟ, ਗੁਰਬਖਸ਼ ਸਿੰਘ ਗੋਪੀ, ਬਲਵੰਤ ਸਿੰਘ ਵਡਾਲੀ ਡੋਗਰਾ, ਜਗਰੂਪ ਸਿੰਘ ਵਡਾਲੀ, ਸਰਬਜੀਤ ਸਿੰਘ ਵਡਾਲੀ ਤੋਂ ਇਲਾਵਾ ਸ਼ਾਮਿਲ ਹੋਏ ਪਰਿਵਾਰਾਂ ਵਿੱਚ ਸਰਬਜੀਤ ਸਿੰਘ ਸਤਨਾਮ ਸਿੰਘ, ਜੈਦੇਵ ਸਿੰਘ, ਸਤਬੀਰ ਸਿੰਘ, ਬਲਵੰਤ ਸਿੰਘ, ਚਰਨਜੀਤ ਸਿੰਘ, ਦਲਜੀਤ ਸਿੰਘ ਗੋਵਿੰਦਰ ਸਿੰਘ, ਨਿਰਮਲ ਸਿੰਘ, ਮਨਜੀਤ ਸਿੰਘ, ਸੁਖਚੈਨ ਸਿੰਘ, ਪ੍ਰਗਟ ਸਿੰਘ, ਪ੍ਰਭਜਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।


10 YEARS ANNIVERSARY
APCA
AMERICAN PETROLEUM AND CONVENIENCE
STORE ASSOCIATION
10th Annual BUYER'S Trade Show In Fresno
on Wednesday, May 8th, 2024 From 12:30pm to 5:30pm
at Industrial Commerce Building, The Big Fresno Fair, Fresno, CA 93702
Copyright @ Punjab Mail USA
ਜੱਗ ਜਿਉਂਦਿਆ ਦੇ ਮੇਲੇ
ਹਰਭਜਨ ਮਾਨ
Live Performance
Harbhajan Mann
Wednesday, May 8th
From 6:30pm to 9:00pm
Venue: Paul Paul Theater
1121, S Chance Ave, Fresno, CA 93702
APCA members will receive FREE, TWO Concert tickets of $100 value each, per membership paid store. Members must attend the Trade Show at 1:30pm. Members may buy additional tickets at discounted price of $50 at ETIX.com or at Trade Show, on first come first serve basis. Fresno area Retailers visit SM Bros at 186 S West Ave, Fresno to become APCA member and get 2 Free Tickets.
Media Partners
PUNJAB MAIL USA TV Channel
SPICE RADIO FM 94.3
ਸਾਂਝੀ ਸੋਚ
ਪੰਜਾਬ Today
Punjabi RADIO USA
jus TV
PTC PUNJABI
GURDEEP SHERGILL
Platinum Sponsor
Flamingo
Catering & Banquet Hall
For More Information
ANDY CHHIKARA: 559-259-4006
JASBIR SARAI: 209-675-0866
BALWINDER SINGH: 559-718-9339
AMRIT DHALIWAL: 209-598-6980
PUNEET BAINS: 559-347-7728
PAUL HAYER: 707-290-8530
ROCKY MALHI: 916-792-8023
KEWAL KRISHAN: 510-290-7144

# ਡਾਕਟਰ ਸੁਰਿੰਦਰ ਸਿੰਘ ਗਿੱਲ ਅੰਬੈਸਡਰ ਫ਼ਾਰ ਪੀਸ ਅਮਰੀਕਾ ਨੇ ਸਿੱਖਿਆ ਅਤੇ ਖੇਡਾਂ ਵਿੱਚ ਪੁਜੀਸ਼ਨਾਂ ਹਾਸਲ ਕਰਨ ਵਾਲਿਆਂ ਨੂੰ ਸਨਮਾਨਿਤ ਕੀਤਾ

ਬਠਿੰਡਾ
ਸਰਬਜੀਤ ਗਿੱਲ

ਦਸਮੇਸ਼ ਸੀਨੀਅਰ ਸੈਕਡਰੀ ਸਕੂਲ ਬਠਿੰਡਾ ਚੋਟੀ ਦੇ ਸਕੂਲਾਂ ਵਿੱਚੋਂ ਇੱਕ ਸਕੂਲ ਹੈ। ਇਸ ਸਕੂਲ ਨੂੰ 1982-83 ਵਿੱਚ ਇਸ ਆਸ਼ੇ ਨਾਲ ਖੋਲਿਆ ਸੀ ਕਿ ਮਿਆਰੀ ਸ਼ਿਖਿਆ ਪ੍ਰਦਾਨ ਕੀਤੀ ਜਾਵੇ। ਇਸੇ ਕਰਕੇ ਇਹ ਸਕੂਲ ਨੇ ਖੇਡਾਂ,ਸਿੱਖਿਆ ,ਮੈਡੀਕਲ,ਮੁਕਾਬਲੇ ਦੀ ਸਿੱਖਿਆ ਤੋਂ ਇਲਾਵਾ ਆਰਮੀ,ਨੇਵੀ ਤੇ ਪੁਲਿਸ ਵਿਚ ਵੀ ਅਨੇਕਾ ਵਿਦਿਆਰਥੀਆਂ ਨੂੰ ਪ੍ਰਵੇਸ਼ ਕਰਵਾਇਆ ਹੈ। ਡਾਕਟਰ ਸੁਰਿੰਦਰ ਸਿੰਘ ਗਿੱਲ ਅੰਬੈਸਡਰ ਫਾਰ ਪੀਸ ਅਮਰੀਕਾ ਨੇ ਹੋਣਹਾਰ ਵਿਦਿਆਰਥੀਆਂ ਨੂੰ ਅਮਰੀਕਾ ਦੇ "ਰੋਲ ਆਫ ਆਨਰ" ਮੈਡਲਾਂ ਤੇ ਕੈਸ਼ ਨਾਲ ਸਨਮਾਨਿਤ ਕੀਤਾ ਹੈ। ਡਾਕਟਰ ਰਵਿੰਦਰ ਸਿੰਘ ਮਾਨ ਨੇ ਨਿੱਘੀ ਜੀ ਆਇਆਂ ਦੇ ਨਾਲ ਨਾਲ ਡਾਕਟਰ ਗਿੱਲ ਦੇ ਕਾਰਜਾਂ ਦੀ ਤਾਰੀਫ ਕੀਤੀ ਤੇ ਸਕੂਲ ਦੇ ਵਿਦਿਆਰਥੀਆ ਦੇ ਹੌਸਲਾ ਅਫਜਾਈ ਕਰਨ ਦੀ ਸ਼ਲਾਘਾ ਕੀਤੀ। ਸੁਹਨਾ ਕਿਹਾ ਡਾਕਟਰ ਗਿੱਲ ਸਾਡੇ ਲਈ ਉਸੇ ਤਰਾਂ ਸਿੱਖਿਆ ਮਾਹਿਰ ਹਨ। ਜਿਸ ਤਰਾਂ ਉਹ ਸਾਨੂੰ ਅਗਵਾਈ ਦਿਦੇ ਹਨ। ਇਹ ਜਦੋਂ ਵੀ ਅਮਰੀਕਾ ਤੋਂ ਆਉਂਦੇ ਹਨ,ਸਾਡੇ ਬੱਚਿਆਂ ਨੂੰ ਨਿਵਾਜਦੇ ਹਨ। ਜੋ ਸਾਡੇ ਲਈ ਫਖਰ ਵਾਲੀ ਗੱਲ ਹੈ। ਡਾਕਟਰ ਸੁਰਿੰਦਰ ਗਿੱਲ ਨੇ ਅਪਨੇ ਸੰਬੜੋਧਨ ਵਿੱਚ ਬੱਚਿਆਂ ਨੂੰ ਮੁਕਾਬਲੇ ਦੀ ਸਿੱਖਿਆ ਲਈ ਪ੍ਰੇਰਿਤ ਕੀਤਾ। ਉਹਨਾ ਕਿਹਾ ਪੰਜਾਬ ਲੀਹ ਤੋਂ ਲੱਥ ਗਿਆ ਹੈ। ਜਿਸ ਨੂੰ ਨੋਜਵਾਨ ਪੀੜੀ ਮੁੜ ਉਸਾਰੂ ਸੇਧ ਦੇ ਸਕਦੀ ਹੈ। ਜਿਸ ਕਈ ਮੁਕਾਬਲੇ ਦੀ ਸਿੱਖਿਆ ਵਿੱਚ ਹਰ ਵਿਦਿਆਰਥੀ ਮੋਕਾ ਹਾਸਲ ਕਰੇ। ਇਸ ਸੰਬੰਧੀ ਗੁਰੂ ਕਾਸੀ ਯੂਨੀਵਰਸਟੀ ਦਮਦਮਾ ਸਾਹਿਬ ਆਈ ਏ ਐਸ ਕੇਂਦਰ ਖੁਲ ਗਿਆ ਹੈ। ਵਿਦਿਆਰਥੀਆ ਨੇ ਸਹਿਮਤੀ ਪ੍ਰਗਟਾਉਂਦੇ ਪ੍ਰਣ ਲਿਆ ਕਿ ਉਹ ਇਸ ਕੇਂਦਰ ਦਾ ਲਾਹਾ ਲੈਣਗੇ। ਇਸ ਮੋਕੇ ਬੱਚਿਆਂ ਦੇ ਮੰਨੋਰੰਜਨ ਲਈ ਇਕ ਜਾਦੂਗਰ ਵੀ ਬੁਲਾਇਆ ਗਿਆ ਸੀ। ਜਿਸ ਨੇ ਬੱਚਿਆਂ ਨੂੰ ਹਸਾ ਹਸਾ ਕੇ ਖੂਬ ਮੰਨੋਰੰਜਨ ਕੀਤਾ। ਸਕੂਲ ਦੇ ਪ੍ਰਿੰਸੀਪਲ ਨੇ ਸਾਰਾ ਸਮਾਗਮ ਬਹੁਤ ਤਨਦੇਹੀ ਨਾਲ ਉਲੀਕਿਆ। ਜਿਸ ਦੀ ਤਾਰੀਫ ਸਟਾਫ ਤੇ ਬੱਚਿਆਂ ਨੇ ਖੂਬ ਕੀਤੀ। ਇਸ ਮੋਕੇ ਰਾਜਿੰਦਰ ਸ਼ਰਮਾ ਤੇ ਸਰਦੂਲ ਸਿੰਘ ਉੱਘੇ ਸਮਾਜੀ ਸੇਵੀ ਵੀ ਸ਼ਾਮਲ ਹੋਏ। ਸ਼ਮਸ਼ੇਰ ਸਿੰਘ ਜਰਨਲਿਸਟ ਨੇ ਬਾਖੂਬੀ ਨਾਲ ਸਮਾਗਮ ਨੂੰ ਯਾਦਗਰ ਵਜੋਂ ਆਪਣੇ ਸਨਮਾਨ ਨੂੰ ਸਾਂਭ ਕੇ ਰੱਖਣ ਲਈ ਕੈਮਰਾਬੰਦ ਕੀਤਾ। ਸਮੁੱਚਾ ਸਮਾਗਮ ਕਾਬਲੇ ਤਾਰੀਫ ਰਿਹਾ।



# ਗੁਰੂ ਕਾਸ਼ੀ ਯੂਨੀਵਰਸਟੀ ਦਮਦਮਾ ਸਾਹਿਬ ਵੱਲੋਂ ਮੁਕਾਬਲੇ ਦੀ ਸਿੱਖਿਆ ਟ੍ਰੇਨਿੰਗ (ਆਈ ਏ ਐਸ) ਕੇਂਦਰ ਦਾ ਉਦਘਾਟਨ ਕੀਤਾ

ਦਮਦਮਾ ਸਾਹਿਬ
ਸਰਬਜੀਤ ਗਿੱਲ

ਦਮਦਮਾ ਸਾਹਿਬ ਨੂੰ ਗੁਰੂ ਕੀ ਕਾਸ਼ੀ ਦਾ ਵਰ ਪ੍ਰਾਪਤ ਹੈ। ਜੋ ਸਾਹਿਬੇ ਕਮਾਲ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਬੀੜ ਲਿਖਵਾਉਣ ਉਪਰੰਤ ਅਲਾਪੇ ਹਨ। ਜਿਸ ਕਰਕੇ ਇਸ ਪਵਿੱਤਰ ਅਸਥਾਨ ਤੇ ਦੋ ਯੂਨੀਵਰਸਿਟੀਆਂ ਤੋਂ ਇਲਾਵਾ ਅਨੇਕਾਂ ਸਿੱਖਿਆ ਕੇਂਦਰ ਹਨ। ਪੰਜਾਬ ਨੂੰ ਉਸਾਰੂ ਲੀਹਾਂ ਤੇ ਲਿਆਉਣ ਲਈ ਗੁਰੂ ਕਾਸ਼ੀ ਯੂਨੀਵਰਸਟੀ ਦੀ ਵਾਈਸ ਚਾਂਸਲਰ ਸ਼੍ਰੀ ਮਤੀ ਐਸ ਕੇ ਬਾਵਾ ਨੇ ਪੂਰੀ ਫੈਕਲਟੀ ਦੀ ਹਾਜ਼ਰੀ ਵਿਚ ਆਈ ਏ ਐਸ ਕੇਂਦਰ ਦਾ ਉਦਘਾਟਨ ਕੀਤਾ ਹੈ। ਜਿਸ ਵਿੱਚ ਵਿਸ਼ੇਸ ਤੌਰ ਤੇ ਡਾਕਟਰ ਸੁਰਿੰਦਰ ਸਿੰਘ ਗਿੱਲ ਅੰਬੈਸਡਰ ਫਾਰ ਪੀਸ ਅਮਰੀਕਾ ਵਿਸ਼ੇਸ਼ ਗੈਸਟ ਦੇ ਤੌਰ ਤੇ ਹਾਜ਼ਰ ਹੋਏ ਹਨ।

ਵਾਇਸ ਚਾਂਸਲਰ ਐਸ ਕੇ ਬਾਵਾ ਨੇ ਯੂਨੀਵਰਸਟੀ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਉਪਰੰਤ ਆਈ ਏ ਐਸ ਕੇਂਦਰ ਜੋ ਮੁਕਾਬਲੇ ਦੀ ਸਿੱਖਿਆ ਦੀ ਹੱਬ ਹੋਵੇਗਾ। ਇਸ ਸਬੰਧੀ ਡਾਕਟਰ ਸੁਰਿੰਦਰ ਸਿੰਘ ਗਿੱਲ ਦੇ ਉਪਰਾਲੇ ਦੀ ਤਾਰੀਫ ਕੀਤਾ। ਜਿੰਨਾ ਨੇ ਚਾਂਸਲਰ ਗੁਰਲਾਭ ਸਿੰਘ ਦੀ ਅਗਵਾਈ ਵਿਚ ਚਲਾਉਣ ਦਾ ਫੈਸਲਾ ਲਿਆ। ਜਜਸ ਨ ਮਿਸਜ ਐ ਕੇ ਬਾਵਾ ਨੇ ਦਿਨ ਰਾਤ ਇੱਕ ਕਰਕੇ ਇਸ ਨੂੰ ਅਮਲੀ ਰੂਪ ਦਿੱਤਾ ਹੈ। ਯੂਨੀਵਰਸਟੀ ਫੈਕਲਟੀ ਦੀ ਹਾਜ਼ਰੀ ਵਿਚ ਇਸ ਦੀ ਰੂਪ ਰੇਖਾ ਨੂੰ ਵਿਚਾਰਿਆ ਗਿਆ ਹੈ। ਉਹਨਾਂ ਕਿਹਾ ਕਿ ਇਸੇ ਸ਼ੈਸਨ ਵਿੱਚ ਇਸ ਨੂੰ ਸ਼ੁਰੂ ਕੀਤਾ ਜਾਵੇਗਾ। ਉਹਨਾ ਆਏ ਮਹਿਮਾਨਾ ਦੀ ਜਾਣ ਪਹਿਚਾਣ ਡਾਕਟਰ ਗਿੱਲ ਨੂੰ ਸੰਬੋਧਨ ਕਰਨ ਲਈ ਨਿੰਮਤ੍ਰਤ ਕੀਤਾ।




ਡਾਕਟਰ ਸੁਰਿੰਦਰ ਗਿੱਲ ਨੇ ਕਿਹਾ ਕਿ ਪੰਜਾਬ ਦੀ ਹਾਲਤ ਤੇ ਨੋਜਵਾਨ ਪੀੜੀ ਨੂੰ ਦੇਖਦੇ ਹੋਏ, ਮਨ ਵਿੱਚ ਫੁਰਨਾ ਆਇਆ ਕਿ ਪੰਜਾਬ ਦੀ ਬਿਹਤਰੀ ਲਈ ਕੁਝ ਕੀਤਾ ਜਾਵੇ। ਜਿਸ ਲਈ ਪ੍ਰਬੰਧਕਾਂ ਦੀ ਸਹਿਮਤੀ ਨਾਲ ਗੁਰੂ ਕਾਂਸੀ ਯੂਨੀਵਰਸਟੀ ਦਮਦਮਾ ਸਾਹਿਬ ਆਈ ਏ ਐਸ ਮੁਕਾਬਲੇ ਦੀ ਸਿੱਖਿਆ ਦੇ ਕੇਂਦਰ ਨੂੰ ਹੋਂਦ ਵਿੱਚ ਲਿਆਉਣਾ ਅਤੀ ਜ਼ਰੂਰੀ ਸੀ। ਜਿਸ ਨੂੰ ਵਾਇਸ ਚਾਂਸਲਰ ਐਸ ਕੇ ਬਾਵਾ ਨੇ ਹੋਂਦ ਵਿਚ ਲਿਆਂਦਾ ਹੈ। ਇਹ ਵਧਾਈ ਦੇ ਪਾਤਰ ਹਨ। ਡਾਕਟਰ ਸੁਰਿੰਦਰ ਸਿੰਘ ਗਿੱਲ ਨੇ ਹਰ ਤਰਾਂ ਦਾ ਸਹਿਯੋਗ ਦੇਣ ਦੀ ਵਚਨਬੰਧਤਾ ਨਿਭਾਈ ਹੈ। ਜਿਸ ਕਰਕੇ ਇਸ ਕੇਂਦਰ ਦੇ ਉਦਘਾਟਨ ਦੇ ਨਾਲ ਨਾਲ ਇਸ ਕਿਤਾਬਚੇ ਨੂੰ ਤ਼ਵਖ ਵੱਖ ਫੈਕਲਟੀ ਪਰਸੋਨਲ ਦੀ ਹਾਜ਼ਰੀ ਵਿਚ ਬਰੋਚਰ ਰਲੀਜ ਕੀਤਾ ਗਿਆ ਹੈ। ਆਸ ਹੈ ਕਿ ਇਸੇ ਸ਼ੈਸਨ ਤੋਂ ਤੀਹ ਵਿਦਿਆਰਥੀਆ ਦਾ ਪਹਿਲਾਂ ਬੜੇ ਇਸ ਕੇਂਦਰ ਦਾ ਅਗਾਜ ਕਰੇਗਾ।

ਡਾਕਟਰ ਸੁਰਿੰਦਰ ਸਿੰਘ ਗਿੱਲ ਅੰਬੈਸਡਰ ਫਾਰ ਪੀਸ ਨੇ ਵਾਇਸ ਚਾਂਸਲਰ ਨੂੰ ਸਟੈਚੂ ਆਫ ਲਿਬਰਟੀ ਦੇ ਮਾਡਲ ਨਾਲ ਸਨਮਾਨਿਤ ਕੀਤਾ। ਤਾਂ ਜੋ ਇਹ ਸੰਸਥਾ ਹੋਰ ਮਜ਼ਬੂਤੀ ਨਾਲ ਅੱਗੇ ਵਧੇ ਤੇ ਪੰਜਾਬ ਦੇ ਭਵਿੱਖ ਲਈ ਖੈਰ ਖਵਾਹ ਬਣ ਸਕੇ।

ਜਗਤਾਰ ਸਿੰਘ ਧੀਮਾਨ ਰਜਿਸਟਰਾਰ ਨੇ ਬਹੁਤ ਹੀ ਖੂਬਸੂਰਤ ਸ਼ਬਦਾਂ ਨਾਲ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਇਸ ਆਈ ਏ ਐਸ ਕੇਂਦਰ ਦੀ ਅਹਿਮੀਅਤ ਬਾਰੇ। ਭਰਪੂਰ ਜ਼ਿਕਰ ਕੀਤਾ। ਵਾਈਸ ਚਾਂਸਲਰ ਮਿਸਜ ਐਸ ਕੇ ਬਾਵਾ ਨੇ ਵਿਸ਼ੇਸ਼ ਮਹਿਮਾਨ ਡਾਕਟਰ ਸੁਰਿੰਦਰ ਸਿੰਘ ਗਿੱਲ ਦਾ ਵਿਸ਼ੇਸ਼ ਸਨਮਾਨ ਯੂਨੀਵਰਸਟੀ ਦੇ ਐਮਬਲਮ ਨਾਲ ਕੀਤਾ। ਜੋ ਸ਼ਲਾਘਾ ਯੋਗ ਕਦਮ ਰਿਹਾ ਹੈ। ਸਰਦੂਲ ਸਿੰਘ ਐਨ ਆਰ ਆਈ ਤੇ ਰਾਜਿੰਦਰ ਸ਼ਰਮਾ ਟ੍ਰਗ੍ਰਨਿਗ ਕੇਦਰ ਬਠਿਡੇ ਨੂੰ ਵੀ ਯਾਦਗਰੀ ਚਿੰਨ ਭੇਟ ਕਰਕੇ ਸਨਮਾਨ ਦਿੱਤਾ। ਸਮੁੱਚਾ ਸਮਾਗਮ ਬਹੁਤ ਹੀ ਪ੍ਰਭਾਵੀ ਰਿਹਾ ਹੈ। ਜੋ ਨੋਜਵਾਨ ਪੀੜੀ ਲਈ ਪ੍ਰੇਰਨਾ ਸਰੋਤ ਬਣੇਗਾ। ਇਸ ਮੋਕੇ ਡੀਨ ਸਰਦੂਲ ਸਿੰਘ ਸਟੂਡੈਟਸ ਵੈਲਫੇਅਰ ,ਜਗਤਾਰ ਸਿੰਘ ਧੀਮਾਨ ਰਜਿਸਟ੍ਰਾਰ ਤੇ ਵੱਖ ਵੱਖ ਫੈਕਲਟੀ ਤੋ ਡੀਨ ,ਪ੍ਰੋਫੈਸਰ ਪ੍ਰਬੰਧਕ ਤੇ ਅਧਿਆਪਕ ਸ਼ਾਮਲ ਹੋਏ ਹਨ। ਜੋ ਪੰਜਾਬ ਦੇ ਦਰਦ ਨੂੰ ਮਹਿਸੂਸ ਕਰਦੇ ਹਨ।

# ਸਿਹਤ ਵਿਭਾਗ ਵੱਲੋਂ ਸਮੂਹ ਕੋਲਡ ਚੇਨ ਹੈਂਡਲਰ ਦੀ ਇਕ ਰੋਜ਼ਾ ਸਿਖਲਾਈ ਦਾ ਆਯੋਜਨ

ਮਾਨਸਾ
ਸਾਂਝੀ ਸੋਚ ਬਿਊਰੋ

ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਦੇ ਸਮੂਹ ਕੋਲਡ ਚੇਨ ਹੈਂਡਲਰ ਨੂੰ ਕੋਲਡ ਚੇਨ ਮੈਂਨਟੇਨ ਕਰਨ ਸਬੰਧੀ ਇਕ ਰੋਜ਼ਾ ਸਿਖਲਾਈ ਕਰਵਾਈ ਗਈ। ਸਿਵਲ ਸਰਜਨ ਡਾ. ਰਣਜੀਤ ਸਿੰਘ ਰਾਏ ਨੇ ਦੱਸਿਆ ਕਿ ਹਰ ਵੈਕਸੀਨ ਅਤੇ ਦਵਾਈ ਨੂੰ ਠੀਕ ਰੱਖਣ ਲਈ ਕੋਲਡ ਚੇਨ ਦੀ ਅਹਿਮ ਭੂਮਿਕਾ ਹੁੰਦੀ ਹੈ, ਸੋ ਸਾਨੂੰ ਸਾਰਿਆਂ ਨੂੰ ਇਸ ਗੱਲ ਦਾ ਧਿਆਨ ਰੱਖਣਾ ਚਾਹੀਦਾ ਹੈ ਕਿ ਜਿੱਥੇ ਜਿੱਥੇ ਸਾਡੇ ਵੈਕਸੀਨ ਸਟੋਰ ਹਨ, ਉਨ੍ਹਾਂ ਥਾਵਾਂ ਦੇ ਆਈ.ਐੱਲ.ਆਰ ਅਤੇ ਡੀਪ ਫਰੀਜ਼ਰ ਹਰ ਸਮੇਂ ਠੀਕ ਕੰਮ ਕਰਦੇ ਹੋਣ, ਸਟੈਪਲਾਈਜਰ ਦਾ ਵਿਸ਼ੇਸ ਤੌਰ 'ਤੇ ਧਿਆਨ ਰੱਖਿਆ ਜਾਵੇ, ਸਵੇਰੇ ਸ਼ਾਮ ਤਾਪਮਾਨ ਨੂੰ ਚੈੱਕ ਕਰਕੇ ਲਾਗਬੁੱਕ ਵਿੱਚ ਦਰਜ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਾਰਨ ਬਿਜਲੀ ਆਦਿ ਦੀ ਸਮੱਸਿਆ ਆਂਉਦੀ ਹੈ ਤਾਂ ਤੁਰੰਤ ਇਸ ਨੂੰ ਠੀਕ ਕਰਾਇਆ ਜਾਵੇ ਤਾਂ ਜੋ ਕੋਈ ਵੀ ਵੈਕਸੀਨ ਖਰਾਬ ਨਾ ਹੋ ਸਕੇ ।




ਪ੍ਰੋਜੈਕਟ ਅਫ਼ਸਰ, (ਯੂਨਾਈਟਡ ਨੈਸ਼ਨ ਡਿਵੈਲਪਮੈਂਟ ਪ੍ਰੋਗਰਾਮ) ਜਾਵੇਦ ਅਹਿਮਦ ਨੇ ਦੱਸਿਆ ਕਿ ਵੈਕਸੀਨ ਤਿਆਰ ਹੋਣ ਤੋਂ ਲੇ ਕੇ ਲਾਭਪਾਤਰੀ ਦੇ ਲੱਗਣ ਤੱਕ ਵੈਕਸੀਨ ਦਾ ਤਾਪਮਾਨ ਠੀਕ ਹੋਵੇ, ਇਸੇ ਨੂੰ ਕੋਲਡ ਚੇਨ ਕਿਹਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਲੋੜ ਅਨੁਸਾਰ ਹਰ ਸਮੇਂ ਵੈਕਸੀਨ ਪੂਰੀ ਮਾਤਰਾ ਵਿੱਚ ਹੋਵੇ, ਸੈਸ਼ਨ ਦੌਰਾਨ ਵੀ ਕੋਲਡ ਚੇਨ ਦਾ ਧਿਆਨ ਰੱਖਣ ਦੀ ਲੋੜ ਹੈ, ਕਿਉਕਿ ਕੁੱਝ ਬਚੀਆਂ ਵੈਕਸੀਨਾਂ ਦੁਆਰਾ ਵੀ ਵਰਤੋਂ ਵਿਚ ਲਈਆਂ ਜਾ ਸਕਦੀਟਾਂ ਹਨ।

ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਕੰਵਲਪ੍ਰੀਤ ਕੌਰ ਬਰਾੜ ਨੇ ਸਿਖਲਾਈ ਲੈਣ ਆਏ ਜ਼ਿਲ੍ਹੇ ਦੇ ਸਮੂਹ ਫਾਰਮੈਸੀ ਅਫਸਰ, ਐਲ.ਐਚ. ਵੀ., ਐਸ.ਆਈ. ਨੂੰ ਕਿਹਾ ਕਿ ਇਹ ਸਾਡੀ ਸਾਰਿਆਂ ਦੀ ਜਿੰਮੇਵਾਰੀ ਹੈ ਕਿ ਕੋਲਡ ਚੇਨ ਨੂੰ ਠੀਕ ਢੰਗ ਨਾਲ ਮੈਨਟੇਨ ਕੀਤਾ ਜਾਵੇ। ਉਨ੍ਹਾਂ ਕਿਹੜੀ ਵੈਕਸੀਨ ਕਿੰਨ੍ਹੇ ਤਾਪਮਾਨ 'ਤੇ ਰੱਖਣੀ ਹੈ ਇਸ ਪ੍ਰਤੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਵਿਜੈ ਕੁਮਾਰ ਜੈਨ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ, ਅਵਤਾਰ ਸਿੰਘ ਪ੍ਰੋਗਰਾਮ ਮੈਨੇਜਰ, ਦਰਸ਼ਨ ਸਿੰਘ ਉਪ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਤੋਂ ਇਲਾਵਾ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

STEER TIRE
295/75R22.5

With Installation
Singh: 510-766-9382

SPECIAL OFFER !!



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES
GOODYEAR
KELLY TIRES
BARKLEY Feel the difference
PIRELLI
MICHELIN A better way forward
BRIDGESTONE
Firestone
YOKOHAMA
PEARLY
NAMA
TOYO TIRES driven to perform
Continental
DUNLOP TIRES

# S. Singh Cell: (510) 766-9382

## 2955 N. Wilson Way Stockton , CA 95205

# 'ਇਸ ਵਾਰ 70 ਪਾਰ' ਦੇ ਟੀਚੇ ਨੂੰ ਪੂਰਾ ਕਰਨ ਲਈ ਸਾਰੇ ਵੋਟਰ ਆਪਣੀ ਵੋਟ ਦੇ ਹੱਕ ਦੀ ਲਾਜ਼ਮੀ ਵਰਤੋਂ ਕਰਨ -ਜ਼ਿਲ੍ਹਾ ਚੋਣ ਅਫ਼ਸਰ

## ਨਵੀਂ ਵੋਟ ਬਣਵਾਉਣ ਲਈ ਨਾਮਜ਼ਦਗੀਆਂ ਦੀ ਮਿਤੀ ਤੱਕ ਭਰ ਕੇ ਦਿੱਤੇ ਜਾ ਸਕਦੇ ਨੇ ਫਾਰਮ

ਮਾਨਸਾ
ਸਾਂਝੀ ਸੋਚ ਬਿਊਰੋ

ਚੋਣ ਕਮਿਸ਼ਨ ਦੇ ਨਾਅਰੇ 'ਇਸ ਵਾਰ 70 ਪਾਰ' ਨੂੰ ਪੂਰਾ ਕਰਨ ਲਈ ਸਮੂਹ ਜ਼ਿਲ੍ਹਾ ਵਾਸੀ ਲੋਕ ਸਭਾ ਚੋਣਾਂ ਦੌਰਾਨ ਆਪਣੀ ਵੋਟ ਦੇ ਅਧਿਕਾਰ ਦਾ ਲਾਜ਼ਮੀ ਇਸਤੇਮਾਲ ਕਰਨ। ਇੰਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਜ਼ਿਲ੍ਹੇ ਦੇ ਵੋਟਰਾਂ ਨੂੰ ਚੋਣਾਂ ਵਿਚ ਆਪਣੇ ਮਤਦਾਨ ਦੀ ਵਰਤੋਂ ਕਰਕੇ ਲੋਕਤੰਤਰ ਵਿਚ ਭਾਗੀਦਾਰੀ ਨੂੰ ਯਕੀਨੀ ਬਣਾਉਣ ਦੀ ਅਪੀਲ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਲੋਕਤੰਤਰ ਵਿਚ ਵੋਟ ਦੇ ਅਧਿਕਾਰ ਦੀ ਵੱਡੀ ਮਹੱਤਤਾ ਹੈ। ਵੋਟਰ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਬਿਨ੍ਹਾਂ ਕਿਸੇ ਡਰ, ਭੈਅ ਤੋਂ ਨਿਰਪੱਖ ਹੋ ਕੇ ਕਰਨ। ਉਨ੍ਹਾਂ ਕਿਹਾ ਕਿ ਹਰੇਕ ਨਾਗਰਿਕ ਦਾ ਫਰਜ਼ ਹੈ ਕਿ ਉਹ ਆਪਣੇ ਆਲੇ ਦੁਆਲੇ ਦੇ ਲੋਕਾਂ ਨੂੰ ਵੀ ਵੋਟ ਦੀ ਅਹਿਮੀਅਤ ਪ੍ਰਤੀ ਜਾਗਰੂਕ ਕਰੇ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕ ਸਭਾ ਚੋਣਾਂ ਦੌਰਾਨ ਵੋਟਿੰਗ ਦਰ ਵਧਾਉਣ ਲਈ ਜ਼ਿਲ੍ਹੇ ਵਿੱਚ ਸਵੀਪ ਗਤੀਵਿਧੀਆਂ ਜ਼ੋਰਾਂ 'ਤੇ ਚਲਾਈਆਂ ਜਾ ਰਹੀਆਂ ਹਨ ਤਾਂ ਜੋ ਚੋਣ ਕਮਿਸ਼ਨ ਵੱਲੋਂ ਇੰਨ੍ਹਾਂ ਚੋਣਾਂ ਲਈ 'ਇਸ ਵਾਰ 70 ਪਾਰ' ਦੇ ਟੀਚੇ ਨੂੰ ਸਫਲਤਾਪੂਰਵਕ ਹਾਸਲ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਸਵੀਪ ਟੀਮਾਂ ਬਣਾ ਕੇ ਲੋਕਾਂ ਨੂੰ ਨਿਰੰਤਰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਸਵੀਪ ਟੀਮਾਂ ਵੱਲੋਂ ਬੂਥ ਪੱਧਰ 'ਤੇ ਵੋਟਰਾਂ ਨੂੰ ਵੋਟ ਦੀ ਮਹੱਤਤਾ ਅਤੇ ਈ.ਵੀ.ਐਮ. ਤੇ ਵੀ.ਵੀ.ਪੈਟ ਮਸ਼ੀਨਾਂ ਦੀ ਜਾਣਕਾਰੀ ਦਿੱਤੀ ਜਾ ਰਹੀ ਹੈ ਤਾਂ ਜੋ ਵੋਟਰਾਂ ਨੂੰ ਆਪਣੀ ਵੋਟ ਦਾ ਇਸਤੇਮਾਲ ਕਰਨ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ 100 ਫੀਸਦੀ ਯੋਗ ਵੋਟਰਾਂ ਦੀਆਂ ਵੋਟਾਂ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਨਵੀਂ ਵੋਟ ਬਣਾਉਣ ਲਈ ਫਾਰਮ ਨੰਬਰ 06 ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੀ ਮਿਤੀ ਤੱਕ ਭਰ ਕੇ ਦਿੱਤੇ ਜਾ ਸਕਦੇ ਹਨ ਤਾਂ ਜੋ ਨੌਜਵਾਨ ਵੋਟਰ ਆਪਣੀ ਵੋਟ ਦਾ ਇਸਤੇਮਾਲ ਕਰ ਸਕਣ। ਉਨ੍ਹਾਂ ਦੱਸਿਆ ਕਿ ਚੋਣਾਂ ਸਬੰਧੀ ਕਿਸੇ ਕਿਸਮ ਦੀ ਜਾਣਕਾਰੀ ਚੋਣ ਕਮਿਸ਼ਨ ਦੀ ਵੈਬਸਾਇਟ ਐਨ.ਵੀ.ਐਸ.ਪੀ., 'ਵੋਟਰ ਹੈਲਪ ਲਾਇਨ' ਮੋਬਾਇਲ ਐਪ ਅਤੇ ਹੈਲਪਲਾਈਨ ਨੰਬਰ 1950 ਰਾਹੀਂ ਆਨਲਾਇਨ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਵੋਟਰਾਂ ਦੀ ਸਹੂਲਤ ਲਈ ਵੱਖ-ਵੱਖ ਮੋਬਾਇਲ ਐਪਸ ਬਣਾਈਆਂ ਗਈਆਂ ਹਨ ਤਾਂ ਜੋ ਵੋਟਰਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਚੋਣਾਂ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਈਆਂ ਜਾ ਸਕਣ।

ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਬਣਾਈ ਗਈ ਸੀ.ਵਿਜ਼ਲ ਐਪ ਰਾਹੀਂ ਵੋਟਰ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਸਬੰਧੀ ਸ਼ਿਕਾਇਤ ਪਾ ਸਕਦੇ ਹਨ ਅਤੇ ਉਨ੍ਹਾਂ ਦੀ ਸ਼ਿਕਾਇਤ ਦਾ ਤੈਅ ਸਮੇਂ ਅੰਦਰ ਨਿਪਟਾਰਾ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਇਸ ਐਪ 'ਤੇ ਪਹਿਲਾਂ ਤੋਂ ਹੀ ਬਣਾਈ ਗਈ ਵੀਡੀਓ ਜਾਂ ਆਡੀਓ ਕਲਿੱਪ ਨਹੀਂ ਪਾਈ ਜਾ ਸਕਦੀ। ਉਨ੍ਹਾਂ ਹੋਰ ਦੱਸਿਆ ਕਿ ਵੋਟਰਾਂ ਵੱਲੋਂ ਪਾਈਆਂ ਸ਼ਿਕਾਇਤਾਂ ਨੂੰ ਤੁਰੰਤ ਸਬੰਧਤ ਰਿਟਰਨਿੰਗ ਅਫ਼ਸਰਾਂ ਨੂੰ ਭੇਜ ਕੇ ਉਨ੍ਹਾਂ ਦਾ ਨਿਪਟਾਰਾ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਮੋਬਾਇਲ ਐਪ 'ਵੋਟਰ ਹੈਲਪਲਾਈਨ' ਰਾਹੀਂ ਵੋਟਰ ਜਿੱਥੇ ਆਪਣੀ ਵੋਟ ਬਣਾਉਣ ਅਤੇ ਉਸ ਨਾਲ ਸਬੰਧਤ ਹੋਰ ਸੇਵਾਵਾਂ ਹਾਸਲ ਕਰ ਸਕਦੇ ਹਨ ਉਥੇ ਹੀ ਇਸ ਐਪ ਰਾਹੀਂ ਚੋਣਾਂ ਦੇ ਨਤੀਜਿਆਂ, ਪੋਲਿੰਗ ਬੂਥ ਆਦਿ ਬਾਰੇ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਜਾਗਰੂਕਤਾ ਲਈ ਬਣਾਈ ਗਈ ਇਹ ਇੱਕ ਮਹੱਤਵਪੂਰਨ ਐਪ ਹੈ। ਉਨ੍ਹਾਂ ਜ਼ਿਲ੍ਹੇ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਦਾ ਇਸਤੇਮਾਲ ਜਰੂਰ ਕਰਨ ਤਾਂ ਜੋ ਸਾਡੇ ਲੋਕਤੰਤਰ ਨੂੰ ਹੋਰ ਮਜਬੂਤੀ ਹਾਸਲ ਹੋ ਸਕੇ।



# ਸ਼ੰਮੀ ਕੰਗ ਸ਼੍ਰੋਮਣੀ ਅਕਾਲੀ ਦਲ ਦੇ ਯੂਥ ਵਿੰਗ ਐੱਸ.ਓ.ਆਈ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ

ਤਰਨ ਤਾਰਨ
ਰਕੇਸ਼ ਨਈਅਰ



ਯੂਥ ਅਕਾਲੀ ਦਲ ਜ਼ਿਲ੍ਹਾ ਤਰਨਤਾਰਨ ਦੇ ਸੀਨੀਅਰ ਆਗੂ ਸ਼ੰਮੀ ਕੰਗ ਦੀਆਂ ਪਾਰਟੀ ਪ੍ਰਤੀ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਵਿਦਿਆਰਥੀ ਜਥੇਬੰਦੀ ਸਟੂਡੈਂਟਸ ਆਰਗੇਨਾਈਜੇਸ਼ਨ ਆਫ ਇੰਡੀਆ (ਐਸ ਓ ਆਈ) ਦਾ ਸੂਬਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸ਼ੰਮੀ ਕੰਗ ਦੀ ਇਸ ਨਿਯੁਕਤੀ ਨਾਲ ਯੂਥ ਅਕਾਲੀ ਦਲ ਦੇ ਵਰਕਰਾਂ ਵਿੱਚ ਭਾਰੀ ਖੁਸ਼ੀ ਦਾ ਮਾਹੌਲ ਹੈ। ਜ਼ਿਕਰਯੋਗ ਹੈ ਕਿ ਸ਼ੰਮੀ ਕੰਗ ਪਿਛਲੇ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਯੂਥ ਵਿੰਗ ਨਾਲ ਜੁੜ ਕੇ ਪਾਰਟੀ ਲਈ ਮਿਹਨਤ ਕਰ ਰਹੇ ਹਨ ਅਤੇ ਪੂਰੀ ਸਰਗਰਮੀ ਨਾਲ ਪਾਰਟੀ ਦੀਆਂ ਹਰ ਗਤੀਵਿਧੀਆਂ ਵਿੱਚ ਸ਼ਾਮਲ ਹੁੰਦੇ ਹਨ।ਆਪਣੀ ਇਸ ਨਿਯੁਕਤੀ 'ਤੇ ਸ਼ੰਮੀ ਕੰਗ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ,ਐਸ ਓ ਆਈ ਦੇ ਸੂਬਾ ਪ੍ਰਧਾਨ ਰਣਬੀਰ ਸਿੰਘ ਢਿੱਲੋਂ, ਯੂਥ ਅਕਾਲੀ ਦਲ ਦੇ ਸੂਬਾ ਪ੍ਰਧਾਨ ਸਰਬਜੀਤ ਸਿੰਘ ਝਿੰਜਰ,ਆਈ ਟੀ ਵਿੰਗ ਦੇ ਪ੍ਰਧਾਨ ਨਛੱਤਰ ਸਿੰਘ ਗਿੱਲ, ਹਲਕਾ ਖਡੂਰ ਸਾਹਿਬ ਦੇ ਇੰਚਾਰਜ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ,ਗੌਰਵਦੀਪ ਸਿੰਘ ਵਲਟੋਹਾ ਸਾਬਕਾ ਪ੍ਰਧਾਨ ਮਾਝਾ ਜੋਨ ਅਤੇ ਜਗਜੀਤ ਸਿੰਘ ਜੱਗੀ ਜ਼ਿਲ੍ਹਾ ਪ੍ਰਧਾਨ ਯੂਥ ਅਕਾਲੀ ਦਲ ਤਰਨਤਾਰਨ ਦਾ ਧੰਨਵਾਦ ਕੀਤਾ ਹੈ,ਜਿੰਨਾ ਨੇ ਇਹ ਅਹੁਦਾ ਦੇ ਕੇ ਵੱਡਾ ਮਾਣ ਬਖਸ਼ਿਆ ਹੈ।ਐਸ ਓ ਆਈ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਹੋਣ 'ਤੇ ਸ਼ੰਮੀ ਕੰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਜ਼ਿੰਮੇਵਾਰੀ ਹੁਣ ਪਹਿਲਾਂ ਨਾਲੋਂ ਹੋਰ ਵਧ ਗਈ ਹੈ।ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਲੈਕੇ ਜਾਣ ਲਈ ਨੌਜਵਾਨ ਵਰਗ ਨੂੰ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੋੜਨਗੇ। ਸ਼ੰਮੀ ਕੰਗ ਨੇ ਕਿਹਾ ਕਿ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਇਹ ਸੀਟ ਜਿੱਤ ਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਝੋਲੀ ਵਿੱਚ ਪਾਈ ਜਾਵੇਗੀ।



# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO • HOME • TRUCK • BUSINESS • LIFE • MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



Office Ph.(916) 427-4321

6624 FLORIN ROAD, SACRAMENTO CA, 95828

FAX: 916)258-0441, Cell: (916)308-7997

Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

Lab. Ph:(916) 680-9293

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com



# ਸਿੱਖ ਸੁਸਾਇਟੀ ਆਫ਼ ਇੰਡੀਆਨਾ ਵੱਲੋਂ 10ਵਾਂ ਸਲਾਨਾ ਨਗਰ ਕੀਰਤਨ ਇੰਡੀਅਨ ਐਪੋਲਿਸ ਦੇ ਡਾਊਨ ਟਾਊਨ ਵਿੱਚ ਬੜੇ ਜਾਹੋ ਜਲਾਲ ਨਾਲ ਕੱਢਿਆ ਗਿਆ















ਇੰਡੀਆਨਾ
ਵਿਸ਼ੇਸ਼ ਪ੍ਰਤੀਨਿਧੀ

ਇੱਥੋਂ ਦੀ ਸਿੱਖ ਸੁਸਾਇਟੀ ਆਫ ਇੰਡੀਆਨਾ ਨਾਮੀਂ ਸਿੱਖ ਸੰਸਥਾ ਵਲੋਂ ਹਰ ਸਾਲ ਦੀ ਤਰਾਂ ਸਿੱਖ ਸੰਸਥਾਵਾਂ ਤੇ ਸੰਗਤਾਂ ਦੇ ਸਹਿਯੋਗ ਨਾਲ ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਇਹ 10ਵਾਂ ਸਲਾਨਾ ਨਗਰਕੀਰਤਨ ਕੱਢਿਆ ਗਿਆ।ਭਾਵੇਂ ਕਿ ਪਹਿਲਾਂ ਇਹ ਨਗਰਕੀਰਤਨ ਅਕਤੂਬਰ ਮਹੀਨੇ ਵਿੱਚ ਕੱਢਿਆ ਜਾਂਦਾ ਸੀ ਇਹ ਪਹਿਲੀ ਵਾਰ ਹੋਇਆ ਕਿ ਪ੍ਰਬੰਧਕਾਂ ਵਲੋਂ ਇਸ ਵਾਰ ਅਪਰੈਲ ਮਹੀਨੇ ਵਿਸਾਖੀ ਤੇ ਇਹ ਨਗਰਕੀਰਤਨ ਕੱਢਿਆ ਗਿਆ।ਇਸ ਨਗਰਕੀਰਤਨ ਨੂੰ ਵਾਰ ਮੈਮੋਰੀਅਲ ਪਾਰਕ 55ਈਸਟ ਮਿਸ਼ੀਗਨ ਸਟਰੀਟ ਇੰਡੀਅਨ ਐਪੋਲਿਸ ਤੋਂ ਸ਼ੁਰ ਕੀਤਾ ਕੀਤਾ ਗਿਆ ਸੀ। ਇਸ ਨਗਰਕੀਰਤਨ ਨੂੰ ਜੁੱਗੋ ਜੁੱਗ ਅਟੱਲ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹੁਨਮਈ ਅਧੀਨ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਜੈਕਾਰਿਆਂ ਦੀ ਉੱਚੀ ਗੂੰਜ ਨਾਲ ਤੋਰਿਆ ਗਿਆ। ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਇੱਕ ਸੁੰਦਰ ਪਾਲਕੀ ਰੂਪੀ ਫਲੋਟ ਵਿੱਚ ਸ਼ਸ਼ੋਬੱਤ ਕੀਤਾ ਹੋਇਆ ਸੀ। ਪਾਲਕੀ ਦੇ ਅੱਗੇ ਪੰਜ ਪਿਆਰੇ ਸਾਹਿਬਾਨ ਤੇ ਪੰਜ ਨਿਸ਼ਾਨਚੀ ਚੱਲ ਰਹੇ ਸਨ। ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨੂੰ ਬਰਕਰਾਰ ਰੱਖਦੇ ਹੋਏ ਪਾਣੀ ਵਾਲੀ ਗੱਡੀ ਰਾਹੀਂ ਅੱਗੇ ਅੱਗੇ ਪਾਣੀ ਦਾ ਛੜਕਾਓ ਵੀ ਕੀਤਾ ਜਾ ਰਿਹਾ ਸੀ।

ਗੱਤਕੇ ਵਾਲੇ ਸਿੰਘ ਗੱਤਕੇ ਦੇ ਜੌਹਰ ਵੀ ਅੱਗੇ ਅੱਗੇ ਦਿਖਾ ਰਹੇ ਸਨ।ਮੋਟਰ ਸਾਇਕਲ ਸਵਾਰ ਸਿੰਘ ਵੱਖਰੇ ਤੌਰਤੇ ਜੌਹਰ ਦਿਖਾ ਰਹੇ ਸਨ।ਜਿਸ ਪਾਲਕੀ ਦੇ ਵਿੱਚ ਗੁਰੂ ਸਾਹਿਬ ਸ਼ੁਸ਼ੋਬਤ ਸਨ ਤੇ ਕੀਰਤਨੀਏ ਸਿੰਘ ਰੱਬੀ ਬਾਣੀ ਨੂੰ ਕੀਰਤਨ ਦੇ ਰੂਪ ਵਿੱਚ ਗਾਇਨ ਕਰ ਰਹੇ ਸਨ। ਪਿੱਛੇ ਪਿੱਛੇ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੀਆਂ ਚਲ ਰਹੀਆਂ ਸਨ।ਵਿਸ਼ੇਸ਼ ਤੌਰ ਤੇ ਭਾਈ ਮਹਿਲ ਸਿੰਘ ਚੰਡੀਗੜ੍ਹ ਵਾਲਿਆਂ ਦਾ ਕਵਸ਼ਿਰੀ ਜਥਾ ਵੀ ਪਹੁੰਚਿਆ ਹੋਇਆ ਸੀ। ਜਿੰਨਾ ਆਪਣੀਆਂ ਜੁਝਾਰੂ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਜਿੱਥੇ ਸੰਗਤਾਂ ਵੱਡੀ ਗਿਣਤੀ ਵਿੱਚ ਨਗਰਕੀਰਤਨ ਦੇ ਨਾਲ ਨਾਲ ਚੱਲ ਰਹੀਆਂ ਸਨ ਤੇ ਉਥੇ ਹੀ ਵੱਡੀ ਤਦਾਦ ਵਿੱਚ ਖਾਣ ਪੀਣ ਵਾਲੇ ਵੱਖ ਵੱਖ ਸਟਾਲਾਂ ਤੇ ਵੀ ਵੱਡੀਆਂ ਵੱਡੀਆਂ ਲਾਈਨਾਂ ਲੱਗੀਆਂ ਹੋਈਆਂ ਸਨ।

ਇਸ ਨਗਰ ਕੀਰਤਨ ਵਿੱਚ ਇੰਡੀਆਨਾ ਦੀਆਂ ਸੰਗਤਾਂ ਤੋਂ ਇਲਾਵ ਸ਼ਿਕਾਗੋ, ਮਿਸ਼ੀਗਨ, ਉਹਾਇਓ ਤੇ ਹੋਰ ਨੇੜੇ ਦੀਆਂ ਵੱਖ ਵੱਖ ਸਟੇਟਾਂ ਚੋਂ ਸੰਗਤਾਂ ਪਹੁੰਚੀਆਂ ਹੋਈਆਂ ਸਨ।ਇਸਤੋਂ ਇਲਾਵਾ ਨਗਰਕੀਰਤਨ ਵਿੱਚ ਅਤੇ ਆਲੇ ਦੁਆਲੇ ਵੱਡੀ ਤਦਾਦ ਵਿੱਚ ਖਾਲਿਸਤਾਨੀ ਝੰਡੇ ਝੂਲ ਰਹੇ ਸਨ।ਨਗਰਕੀਰਤਨ ਦੀ ਸਮਾਪਤੀ ਹੁਕਮਨਾਮਾ ਸਾਹਿਬ ਤੇ ਅਰਦਾਸ ਨਾਲ ਹੋਈ।ਨਗਰਕੀਰਤਨ ਦੀ ਸਮਾਪਤੀ ਵਾਲੀ ਥਾਂ ਤੇ ਪ੍ਰਬੰਧਕਾਂ ਵਲੋਂ ਇਕ ਸਟੇਜ ਵੀ ਲਗਾਈ ਹੋਈ ਸੀ ਜਿਸ ਤੋਂ ਵੱਖ ਵੱਖ ਬੁਲਾਰਿਆਂ ਵਲੋਂ ਸੰਗਤਾਂ ਨਾਲ ਵੀਚਾਰਾਂ ਦੀ ਸਾਂਝ ਪਾਈ ਗਈ।

ਕੁਝ ਬੱਚਿਆਂ ਅਤੇ ਕਵਸ਼ਿਰੀ ਜਥੇ ਨੇ ਸਟੇਜ ਤੋਂ ਕੁਝ ਵਾਰਾਂ ਗਾਇਨ ਕੀਤੀਆਂ।

ਬੁਲਾਰਿਆਂ ਵਿੱਚ ਵਿਸ਼ੇਸ਼ ਤੌਰਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਅਮਰੀਕਾ ਦੇ ਜਨਰਲ ਸਕੱਤਰ ਮੱਖਣ ਸਿੰਘ ਕਲੇਰ ਨੇ ਜਿੱਥੇ ਕੌਮੀਘਰ ਖਾਲਿਸਤਾਨ ਦੀ ਗਲ ਕੀਤੀ ਉਥੇ ਹੀ ਪੰਜਾਬ ਵਿੱਚ ਹੋ ਰਹੀਆਂ ਚੋਣਾਂ ਵਿੱਚ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੂੰ ਤੇ ਉਨਾ ਦੀ ਸਮੁੱਚੀ ਟੀਮ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ ਤੇ ਦੂਜੀਆਂ ਪਾਰਟੀਆਂ ਤੇ ਦਲ ਬਦਲੂਆਂ ਤੋਂ ਸਾਵਧਾਨ ਰਹਿਣ ਲਈ ਕਿਹਾ। ਸਿੱਖ ਫਾਰ ਜਸਟਿਸ ਦੇ ਪਰਮਿੰਦਰ ਸਿੰਘ ਪਿੰਦਾ ਵਲੋਂ ਦੁਨੀਆਂ ਦੇ ਵੱਖ ਵੱਖ ਹਿਸਿਆਂ ਵਿੱਚ ਖਾਲਿਸਤਾਨ ਰੈਫਰੰਡਮ ਲਈ ਪੈ ਰਹੀਆਂ ਵੋਟਾਂ ਚ ਵੱਧ ਵੱਧ ਤੋਂ ਵੋਟਾਂ ਪਾਉਣ ਲਈ ਕਿਹਾ ਗਿਆ।ਪ੍ਰਬੰਧਕਾਂ ਵਿੱਚ ਪਲਵਿੰਦਰ ਸਿੰਘ ਸਲ੍ਹਾਂ ਨੇ ਆਪਣੇ ਵੀਚਾਰਾਂ ਵਿੱਚ ਸਿੱਖ ਰਾਜ ਕਿਵੇਂ ਗਿਆ ਅਗਰੇਜਾਂ ਦੀ ਗੁਲਾਮੀ ਤੋਂ ਲੈਕੇ ਅੱਜ ਦੇ ਹਿੰਦੂ ਰਾਜਿਆਂ ਦੀ ਗੁਲਾਮੀ ਝੱਲਦੀ ਹੋਈ ਕੌਮ ਜੋ ਇੱਕ ਡੂੰਘੀ ਖੱਡ ਵਿੱਚ ਡਿੱਘ ਚੁੱਕੀ ਹੈ ਤੇ ਬਹੁਤਾਤ ਵਿੱਚ ਦੇਸੀ ਜਾਂ ਵਿਦੇਸ਼ੀ ਸਿੱਖ ਉਨਾਂ ਦੀ ਗੁਲਾਮੀ ਕਬੂਲ ਵੀ ਕਰ ਚੁੱਕੀ ਹੈ। ਉਸ ਗੁਲਾਮੀ ਵਿੱਚੋਂ ਨਿਕਲਣ ਲਈ ਕੋਈ ਚਾਰਾਜੋਈ ਕਰਨ ਦੀ ਵਿਜਾਏ ਗੁਲਾਮੀ ਕਬੂਲਣ ਚ ਹੀ ਆਪਣੀ ਬਹਾਦਰੀ ਸਮਝਣ ਲੱਗ ਪਈ ਹੈ ਪਰ ਫਿਰ ਵੀ ਵਾਹਿਗੁਰੂ ਦੀ ਕਿਰਪਾ ਸਦਕਾ ਕੌਮੀ ਯੋਧਿਆਂ ਦੀ ਕਤਾਰ ਵੀ ਵੱਡੀ ਹੋਈ ਜਾ ਰਹੀ ਹੈ ਤੇ ਕੌਮੀ ਸ਼ੰਘਰਸ਼ ਵੱਖ ਵੱਖ ਰੂਪਾਂ ਵਿੱਚ ਆਪਣੀ ਮੰਜਿਲ ਵੱਲ ਵਧਦਾ ਜਾ ਰਿਹਾ ਹੈ।

ਸੰਸਥਾ ਦੇ ਬਾਕੀ ਮੈਂਬਰਾਂ ਦੇ ਨਾਲ ਨਾਲ ਸੁਰਿੰਦਰ ਸਿੰਘ ਤੇ ਤਰਲੋਕ ਸਿੰਘ ਹੁਰੀਂ ਵੀ ਵੱਖ ਵੱਖ ਸੇਵਾਵਾਂ ਵਿੱਚ ਮਸ਼ਰੂਫ ਦਿਖਾਈ ਦੇ ਰਹੇ ਸਨ। ਸਿੱਖ ਸੁਸਾਇਟੀ ਆਫ ਇੰਡੀਆਨਾ ਦੇ ਮੁੱਖ ਮੈਂਬਰ ਜਗਦੀਸ਼ ਸਿੰਘ ਨੇ ਆਪਣੇ ਵੀਚਾਰਾਂ ਵਿੱਚ ਖਾਲਿਸਤਾਨ ਦੀ ਗੱਲ ਨੂੰ ਇੱਕ ਵੱਖਰੇ ਅੰਦਾਜ ਵਿੱਚ ਬੱਬਰ ਸ਼ੇਰ ਤੇ ਗਿੱਦੜਾਂ ਦੇ ਇੱਕ ਵੱਡੇ ਝੁੰਡ ਦੀ ਕਹਾਣੀ ਨਾਲ ਜੋੜ ਕੇ ਸੰਗਤਾਂ ਵਿੱਚ ਰੱਖਿਆ।ਉਨਾਂ ਦੂਰੋਂ ਨੇੜਿਓਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਉਥੇ ਸੰਸਥਾ ਦੇ ਸਾਰੇ ਮੈਂਬਰਾਂ, ਵੱਖ ਵੱਖ ਜਥੇਬੰਦੀਆਂ ਗੁਰਦੁਆਰਾ ਸਾਹਿਬਾਨਾਂ ਦੀਆਂ ਕਮੇਟੀਆਂ, ਲੰਗਰਾਂ ਵਿੱਚ ਸੇਵਾ ਨਿਭਾਉਣ ਵਾਲੇ ਸੇਵਾਦਾਰਾਂ,ਪੁਲਿਸ ਅਫਸਰਾਂ, ਫਾਇਰ ਡਿਪਾਰਟਮਿੰਟ ਤੇ ਇੰਡੀਆਨਾ ਪੋਲਿਸ ਸਿਟੀ ਡਿਪਾਰਟਮਿੰਟ ਦਾ ਵਿਸ਼ੇਸ਼ ਤੌਰਤੇ ਧੰਨਵਾਦ ਕੀਤਾ ਗਿਆ ਅਤੇ ਸਿੱਖ ਸੁਸਾਇਟੀ ਆਫ ਇੰਡੀਆਨਾ ਵਲੋਂ ਇੰਡੀਆਨਾ ਸਟੇਟ ਡਿਪਾਰਟਮਿੰਟ ਨਾਲ ਸੰਬਧਤ ਗੌਰਮਿੰਟ ਆਫੀਸਰ, ਪੁਲਿਸ ਤੇ ਫਾਇਰ ਡਿਪਾਰਟਮਿੰਟ ਜੇ ਉਚ ਆਫੀਸਰਾਂ ਨੂੰ ਵਿਸ਼ੇਸ਼ ਚਿੰਨ੍ਹਾਂ ਨਾਲ ਸਨਮਾਨਿਤ ਕੀਤਾ ਗਿਆ।


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 |(209) 505-6384
Address : 119. Maple AVe, Suite A Manteca, CA 95336


E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
$20 MONTHLY
SUBSCRIPTION
CRITICAL ENGINE DATA
Maintanence Entry
Tracking
Tire Pressure
Diagnostics
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

# ਇਟਲੀ ਦੇ ਸ਼ਹਿਰ ਤੋਰਤੋਨਾ ਵਿਖੇ ਵਿਸ਼ਾਲ ਨਗਰ ਕੀਰਤਨ ਸਜਾਇਆ

ਮਿਲਾਨ
ਦਲਜੀਤ ਮੱਕੜ

ਹਰੇਕ ਸਾਲ ਦੇ ਵਾਂਗ ਇਸ ਵਾਰ ਵੀ ਖਾਲਸਾ ਪੰਥ ਸਾਜਨਾ ਦਿਵਸ ਨੂੰ ਸਮਰਪਿਤ ਇਟਲੀ ਦੇ ਵੱਖ ਵੱਖ ਸ਼ਹਿਰਾਂ ਵਿੱਚ ਨਗਰ ਕੀਰਤਨ ਆਯੋਜਿਤ ਹੋ ਰਹੇ ਹਨ। ਇਹਨਾਂ ਨਗਰ ਕੀਰਤਨਾਂ ਦੀ 30 ਮਾਰਚ ਨੂੰ ਹੋਈ ਆਰੰਭਤਾ ਦੀ ਹਰ ਹਫਤੇ ਦੀ ਲੜੀ ਤਹਿਤ ਗੁਰਦੁਆਰਾ ਬਾਬਾ ਲੱਖੀ ਸ਼ਾਹ ਵਣਜਾਰਾ ਸਿੱਖ ਸੈਂਟਰ ਪੋਂਤੇਕੁਰੋਨੇ (ਅਲੈਸਾਂਦਰੀਆ) ਦੁਆਰਾ ਇਲਾਕੇ ਦੀ ਸੰਗਤ ਦੇ ਸਹਿਯੋਗ ਦੇ ਨਾਲ ਤੋਰਤੋਨਾ ਸ਼ਹਿਰ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਸਮੱਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਨਗਰ ਕੀਰਤਨ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਪਹੁੰਚੀ ਸੀ।

ਇਸ ਮੌਕੇ ਸੰਗਤਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਟਾਲੀਅਨ ਅਤੇ ਹੋਰਨਾਂ ਮੂਲ ਦੇ ਲੋਕਾਂ ਨੇ ਵੀ ਸ਼ਿਰਕਤ ਕੀਤੀ। ਸੁੰਦਰ ਪਾਲਕੀ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਸੁਸ਼ੋਭਿਤ ਸਨ।ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਵਿੱਚ ਨਗਰ ਕੀਰਤਨ ਦੀ ਆਰੰਭਤਾ ਤੋਰਤੋਨਾ ਦੇ ਪਿਆਸਾ ਮਿਲਾਨੋ ਤੋਂ ਹੋਈ। ਸੰਗਤਾਂ ਦੁਆਰਾ ਸਾਰੇ ਰਸਤੇ ਸਤਿਨਾਮ ਵਾਹਿਗੁਰੂ ਦਾ ਜਾਪ ਕੀਤਾ ਗਿਆ।ਇਸ ਮੌਕੇ ਨਿਸ਼ਕਾਮ ਸੇਵਾ ਦਲ ਇਟਲੀ ਦੇ ਸਿੰਘਾਂ ਦੁਆਰਾ ਦਸਤਾਰਾਂ ਦੀ ਸੇਵਾ ਕੀਤੀ ਗਈ। ਨਗਰ ਕੀਰਤਨ ਦੌਰਾਨ ਵੱਖ ਵੱਖ ਰਾਗੀ ਜੱਥਿਆਂ ਦੁਆਰਾ ਸੰਗਤਾਂ ਨੂੰ ਇਲਾਹੀ ਬਾਣੀ ਦੇ ਕੀਰਤਨ ਨਾਲ ਨਿਹਾਲ ਕੀਤਾ।

ਹਰੀ ਸਿੰਘ ਨਲੂਆ ਗੱਤਕਾ ਅਖਾੜਾ ਕਰੇਜੋ ਦੇ ਸਿੰਘਾਂ ਵੱਲੋਂ ਗੱਤਕੇ ਦੇ ਜੌਹਰ ਦਿਖਾਏ ਗਏ। ਸ਼ਾਮ ਨੂੰ ਸ਼ਹਿਰ ਦੀ ਪਰਿਕਰਮਾ ਕਰਦਾ ਹੋਇਆ ਨਗਰ ਕੀਰਤਨ ਪਿਆਸਾ ਮਿਲਾਨੋ ਵਿਖੇ ਸਮਾਪਤ ਹੋਇਆ। ਜਿੱਥੇ ਖੁੱਲੇ ਪੰਡਾਲ ਸਜਾਏ ਗਏ।ਪ੍ਰਸਿੱਧ ਢਾਡੀ ਭਾਈ ਦਲਵਿੰਦਰ ਸਿੰਘ ਦਮਨ ਦੇ ਜਥੇ ਦੁਆਰਾ ਢਾਡੀ ਵਾਰਾਂ ਨਾਲ ਇਤਿਹਾਸ ਸ੍ਰਵਣ ਕਰਵਾਇਆ ਗਿਆ। ਇਟਲੀ ਦੀਆਂ ਅਨੇਕਾਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ,ਤੋਰਤੋਨਾ ਅਤੇ ਵੋਗੇਰਾ ਸ਼ਹਿਰ ਦੇ ਮੇਅਰ ਅਤੇ ਪੁਲਿਸ ਅਧਿਕਾਰੀਆਂ ਸਮੇਤ ਅਨੇਕਾਂ ਪ੍ਰਮੁੱਖ ਇਟਾਲੀਅਨ ਸਖਸ਼ੀਅਤਾਂ ਨੇ ਵੀ ਨਗਰ ਕੀਰਤਨ ਵਿੱਚ ਹਾਜਰੀ ਭਰੀ।ਜਿਹਨਾਂ ਨੇ ਸੰਗਤਾਂ ਨੂੰ ਨਗਰ ਕੀਰਤਨ ਦੀ ਵਧਾਈ ਦਿੱਤੀ।ਪ੍ਰਬੰਧਕ ਕਮੇਟੀ ਦੁਆਰਾ ਸਾਰੀਆ ਪ੍ਰਮੁੱਖ ਸਖਸ਼ੀਅਤਾਂ ਨੂੰ ਸਨਮਾਨ ਚਿੰਨ ਭੇਂਟ ਕੀਤੇ ਗਏ। ਸੰਗਤਾਂ ਲਈ ਅਨੇਕਾਂ ਪ੍ਰਕਾਰ ਦੇ ਲੰਗਰ ਲਗਾਏ ਗਏ। ਅੰਤ ਵਿੱਚ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਆਈਆ ਸਮੂਹ ਸੰਗਤਾਂ ਨੂੰ ਜੀ ਆਇਆ ਆਖਿਆ ਅਤੇ ਨਗਰ ਕੀਰਤਨ ਲਈ ਦਿੱਤੇ ਅਹਿਮ ਯੋਗਦਾਨ ਤੇ ਧੰਨਵਾਦ ਕੀਤਾ।

# ਜ਼ਿਲ੍ਹਾ ਪ੍ਰਸ਼ਾਸਨ ਦੇ 'ਮਿਸ਼ਨ ਐਕਸੀਲੈਂਸ' 'ਤੇ ਵਿਦਿਆਰਥੀਆਂ ਅਤੇ ਅਨੁਭਵੀ ਅਧਿਆਪਕਾਂ ਦੀ ਮਿਹਨਤ ਨੇ ਲਗਾਈ ਸਫ਼ਲਤਾ ਦੀ ਮੋਹਰ -ਜਤਿੰਦਰ ਜੋਰਵਾਲ

ਸੰਗਰੂਰ
ਸਾਂਝੀ ਸੋਚ ਬਿਊਰੋ



ਜ਼ਿਲ੍ਹਾ ਸੰਗਰੂਰ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਤਰਾਸ਼ਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਮਿਸ਼ਨ ਐਕਸੀਲੈਂਸ ਆਰੰਭਿਆ ਸੀ ਅਤੇ ਹਾਲ ਹੀ ਵਿੱਚ ਆਏ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਦਸਵੀਂ ਦੇ ਨਤੀਜਿਆਂ ਨੇ ਵਿਦਿਆਰਥੀਆਂ ਅਤੇ ਅਨੁਭਵੀ ਅਧਿਆਪਕਾਂ ਦੀ ਮਿਹਨਤ, ਲਗਨ ਅਤੇ ਦ੍ਰਿੜ ਇਰਾਦਿਆਂ 'ਤੇ ਸਫ਼ਲਤਾ ਦੀ ਮੋਹਰ ਲਗਾ ਦਿੱਤੀ ਹੈ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਦਸਵੀਂ ਦੀਆਂ ਪ੍ਰੀਖਿਆਵਾਂ ਵਿੱਚ ਮੈਰਿਟ 'ਤੇ ਆਈਆਂ ਸਰਕਾਰੀ ਸਕੂਲਾਂ ਦੀਆਂ 5 ਵਿਦਿਆਰਥਣਾਂ ਦੀ ਸਫ਼ਲਤਾ ਦੀ ਖ਼ੁਸ਼ੀ ਵਿੱਚ ਸਾਰਿਆਂ ਨਾਲ ਚਾਹ ਦਾ ਕੱਪ ਸਾਂਝਾ ਕਰਦਿਆਂ ਕੀਤਾ। ਡਿਪਟੀ ਕਮਿਸ਼ਨਰ ਨੇ ਮੈਰਿਟ ਵਿੱਚ ਆਈਆਂ ਵਿਦਿਆਰਥਣਾਂ ਮਾਇਲੀ (98.30 ਪ੍ਰਤੀਸ਼ਤ), ਬੇਅੰਤ ਕੌਰ (97.23 ਪ੍ਰਤੀਸ਼ਤ), ਰੀਆ ਸ਼ਰਮਾ (96.92 ਪ੍ਰਤੀਸ਼ਤ), ਪ੍ਰਭਜੋਤ ਕੌਰ (96.76 ਪ੍ਰਤੀਸ਼ਤ) ਅਤੇ ਗਗਨਜੋਤ ਕੌਰ (96.61 ਪ੍ਰਤੀਸ਼ਤ) ਤੋਂ ਵਿਸ਼ੇਸ਼ ਤੌਰ 'ਤੇ ਕੇਕ ਕਟਵਾਇਆ ਅਤੇ ਭਵਿੱਖ ਵਿੱਚ ਹੋਰ ਵੀ ਵੱਡੀਆਂ ਮੱਲਾਂ ਮਾਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਵਿਦਿਆਰਥਣਾਂ ਤੇ ਸਬੰਧਤ ਸਕੂਲਾਂ ਦੇ ਮੁਖੀਆਂ ਨੂੰ ਸਨਮਾਨ ਵਜੋਂ ਸਰਟੀਫਿਕੇਟ ਪ੍ਰਦਾਨ ਕੀਤੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਵਿੱਚ 'ਮਿਸ਼ਨ ਐਕਸੀਲੈਂਸ' ਤਹਿਤ ਸਰਕਾਰੀ ਸਕੂਲਾਂ ਦੇ 98 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅਤੇ 08 ਵਿਦਿਆਰਥੀਆਂ ਨੇ 95 ਪ੍ਰਤੀਸ਼ਤ ਤੋਂ ਵੱਧ ਅੰਕ ਹਾਸਲ ਕਰਕੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ, ਜਿਸ ਲਈ ਵਿਦਿਆਰਥੀ, ਸਕੂਲ ਮੁਖੀ, ਅਧਿਆਪਕ ਤੇ ਮਾਪੇ ਵਧਾਈ ਦੇ ਪਾਤਰ ਹਨ।ਇਸ ਮੌਕੇ ਹੌਂਸਲਾ ਅਫਜਾਈ ਵਜੋਂ ਵਿਦਿਆਰਥਣਾਂ ਤੇ ਸਕੂਲ ਮੁਖੀਆਂ ਨਾਲ ਆਪਣੇ ਜੀਵਨ ਤਜਰਬਿਆਂ ਦੀ ਸਾਂਝ ਪਾਉਂਦਿਆਂ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਕਿਹਾ ਕਿ ਜ਼ਿੰਦਗੀ ਵਿੱਚ ਵਾਰ ਵਾਰ ਮਿਲਣ ਵਾਲੀਆਂ ਅਸਫ਼ਲਤਾਵਾਂ ਨਾਲ ਆਪਣੇ ਜੀਵਨ ਦੇ ਨਿਰਧਾਰਿਤ ਟੀਚਿਆਂ ਤੋਂ ਕਦਮ ਪਿੱਛੇ ਨਹੀਂ ਖਿੱਚਣਾ ਚਾਹੀਦਾ ਬਲਕਿ ਹਰ ਕਿਸਮ ਦੀਆਂ ਰੁਕਾਵਟਾਂ ਨੂੰ ਆਪਣੀ ਦ੍ਰਿੜਤਾ, ਸੂਝਬੂਝ ਤੇ ਹਿੰਮਤ ਸਦਕਾ ਦੂਰ ਕਰਕੇ ਸਮਾਜ ਵਿੱਚ ਆਪਣਾ ਨਾਮ ਸਥਾਪਤ ਕਰਨ ਲਈ ਤਨਦੇਹੀ ਨਾਲ ਜੁਟੇ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੀਵਨ ਵਿੱਚ ਕੋਈ ਵੀ ਮੁਕਾਮ ਹਾਸਲ ਕਰਨ ਦੀ ਹਰ ਕੋਸ਼ਿਸ਼ ਸਰਵੋਤਮ ਹੋਣੀ ਚਾਹੀਦੀ ਹੈ ਅਤੇ ਆਪਣੇ ਆਪ ਨੂੰ ਨਿਰੰਤਰ ਸੁਧਾਰਨ ਦੀ ਦਿਸ਼ਾ ਵਿੱਚ ਜੁਟੇ ਰਹਿਣਾ ਚਾਹੀਦਾ ਹੈ। ਉਨ੍ਹਾਂ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਬੱਚਿਆਂ ਦੇ ਭਵਿੱਖ ਨੂੰ ਸੁਨਹਿਰੀ ਬਣਾਉਣ ਲਈ ਬੱਚਿਆਂ ਨੂੰ ਪਰਿਵਾਰਕ ਤੇ ਸਮਾਜਿਕ ਸਮਾਗਮਾਂ ਵਿੱਚ ਲਿਜਾ ਕੇ ਸਮਾਂ ਨਸ਼ਟ ਕਰਨ ਨਾਲੋਂ ਬੱਚੇ ਦੇ ਸਰਵਪੱਖੀ ਵਿਕਾਸ ਲਈ ਯਤਨਸ਼ੀਲ ਰਹਿਣ ਦੀ ਲੋੜ ਹੈ। ਇਸ ਮੌਕੇ ਮੈਰਿਟ ਵਿੱਚ ਆਈਆਂ ਵਿਦਿਆਰਥਣਾਂ ਨੇ ਜੀਵਨ ਲਈ ਨਿਰਧਾਰਿਤ ਟੀਚਿਆਂ ਬਾਰੇ ਆਪਣੀ ਸਾਂਝ ਪਾਈ ਅਤੇ ਹੋਰ ਵੀ ਮਿਹਨਤ ਨਾਲ ਆਪਣੀ ਮੰਜ਼ਿਲ ਹਾਸਲ ਕਰਨ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਬਲਜਿੰਦਰ ਕੌਰ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰੀਤਇੰਦਰ ਘਈ, ਮਿਸ਼ਨ ਦੇ ਕੋਆਰਡੀਨੇਟਰ ਹਰਪ੍ਰੀਤ ਸਿੰਘ ਤੇ ਸਬੰਧਤ ਸਕੂਲਾਂ ਦੇ ਮੁਖੀ ਵੀ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਖਰੀਦ ਏਜੰਸੀਆਂ ਨੂੰ ਖਰੀਦੀ ਕਣਕ ਦੀ ਲਿਫਟਿੰਗ ਵਿੱਚ ਹੋਰ ਤੇਜ਼ੀ ਲਿਆਉਣ ਦੇ ਆਦੇਸ਼

ਸੰਗਰੂਰ
ਸਾਂਝੀ ਸੋਚ ਬਿਊਰੋ

ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਚੱਲ ਰਹੀ ਕਣਕ ਦੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਖਰੀਦੀ ਕਣਕ ਦੀ ਲਿਫਟਿੰਗ ਵਿੱਚ ਹੋਰ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ। ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਏ.ਡੀ.ਸੀ. (ਵਿਕਾਸ) ਵਰਜੀਤ ਵਾਲੀਆ, ਸਮੂਹ ਉਪ-ਮੰਡਲ ਮੈਜਿਸਟ੍ਰੇਟ, ਡੀ. ਐਫ. ਐਸ. ਸੀ., ਜ਼ਿਲ੍ਹਾ ਮੰਡੀ ਅਫ਼ਸਰ ਅਤੇ ਵੱਖ ਵੱਖ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰਾਂ ਨਾਲ ਸਮੀਖਿਆ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਸਮੂਹ ਅਧਿਕਾਰੀ ਲਗਾਤਾਰ ਅਨਾਜ ਮੰਡੀਆਂ ਦਾ ਦੌਰਾ ਕਰਨ ਅਤੇ ਹਰੇਕ ਪ੍ਰਬੰਧ ਨੂੰ ਨਿਰਧਾਰਿਤ ਸਮੇਂ ਅੰਦਰ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ 4 ਲੱਖ 83 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਜੋ ਕਿ ਅਨੁਮਾਨਿਤ ਕੁੱਲ ਆਮਦ 9 ਲੱਖ ਮੀਟ੍ਰਿਕ ਟਨ ਦਾ ਲਗਭਗ 55% ਬਣਦਾ ਹੈ। ਉਨ੍ਹਾਂ ਮਾਰਕਫੈਡ, ਪਨਗ੍ਰੇਨ, ਵੇਅਰ ਹਾਊਸ, ਪਨਸਪ ਆਦਿ ਸਰਕਾਰੀ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨੂੰ ਕਿਸਾਨਾਂ ਤੋਂ ਖਰੀਦੀ ਜਾ ਚੁੱਕੀ ਫਸਲ ਦੀ ਸਮੇਂ ਸਿਰ ਲਿਫਟਿੰਗ ਕਰਾਉਣ ਦੀ ਹਦਾਇਤ ਕੀਤੀ ਤਾਂ ਜੋ ਮੰਡੀਆਂ ਵਿੱਚ ਕਣਕ ਦੇ ਅੰਬਾਰ ਨਾ ਲੱਗਣ।

ਉਨ੍ਹਾਂ ਜ਼ਿਲ੍ਹਾ ਮੰਡੀ ਅਫ਼ਸਰ ਨੂੰ ਬਰਸਾਤੀ ਮੌਸਮ ਦੇ ਮੱਦੇਨਜ਼ਰ ਲੋੜ ਅਨੁਸਾਰ ਤਰਪਾਲਾਂ ਦੀ ਉਪਲੱਬਧਤਾ ਨੂੰ ਯਕੀਨੀ ਬਣਾਉਣ ਲਈ ਆਖਿਆ। ਡਿਪਟੀ ਕਮਿਸ਼ਨਰ ਨੇ ਮੀਟਿੰਗ ਦੌਰਾਨ ਦੱਸਿਆ ਕਿ ਮੰਡੀਆਂ ਵਿੱਚ ਟਰਾਂਸਪੋਰਟੇਸ਼ਨ ਅਤੇ ਮਜ਼ਦੂਰਾਂ ਸਬੰਧੀ ਹੁਣ ਕੋਈ ਸਮੱਸਿਆ ਨਹੀਂ ਹੈ ਇਸ ਲਈ ਸਮੁੱਚੀ ਖਰੀਦ ਪ੍ਰਕਿਰਿਆ ਨੂੰ ਨਿਰਵਿਘਨ ਅਤੇ ਸਰਕਾਰ ਵੱਲੋਂ ਨਿਰਧਾਰਿਤ ਸੀਮਾ ਸਾਰਨੀ ਅਨੁਸਾਰ ਯਕੀਨੀ ਬਣਾਇਆ ਜਾਵੇ।

ਮੀਟਿੰਗ ਦੌਰਾਨ ਏ. ਡੀ. ਸੀ. (ਵਿਕਾਸ) ਵਰਜੀਤ ਵਾਲੀਆ, ਸਹਾਇਕ ਕਮਿਸ਼ਨਰ ਜਸਪਿੰਦਰ ਸਿੰਘ, ਐਸ. ਡੀ. ਐਮ. ਸੰਗਰੂਰ ਚਰਨਜੋਤ ਸਿੰਘ ਵਾਲੀਆ, ਐਸ. ਡੀ. ਐਮ. ਸੁਨਾਮ ਪ੍ਰਮੋਦ ਸਿੰਗਲਾ, ਐਸ. ਡੀ. ਐਮ. ਦਿੜ੍ਹਬਾ ਰਾਜੇਸ਼ ਸ਼ਰਮਾ, ਐਸ. ਡੀ. ਐਮ. ਲਹਿਰਾ ਸੂਬਾ ਸਿੰਘ, ਐਸ. ਡੀ. ਐਮ. ਭਵਾਨੀਗੜ੍ਹ ਵਿਨੀਤ ਕੁਮਾਰ, ਐਸ. ਡੀ. ਐਮ. ਧੂਰੀ ਅਮਿਤ ਕੁਮਾਰ, ਡੀ. ਐਫ. ਐਸ. ਸੀ. ਮੇਜਰ ਗੁਰਪ੍ਰੀਤ ਸਿੰਘ ਕੰਗ, ਜ਼ਿਲ੍ਹਾ ਮੰਡੀ ਅਫ਼ਸਰ ਜਸਪਾਲ ਸਿੰਘ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

# ਅੰਮ੍ਰਿਤਪਾਲ ਸਿੰਘ ਲੜੇਗਾ ਲੋਕ ਸਭਾ ਚੋਣ ਵਕੀਲ ਰਾਜਦੇਵ ਸਿੰਘ ਖਾਲਸਾ ਨੇ ਦਿੱਤੀ ਜਾਣਕਾਰੀ

ਅੰਮ੍ਰਿਤਸਰ
ਸਾਂਝੀ ਸੋਚ ਬਿਊਰੋ



ਲੋਕ ਸਭਾ ਚੋਣਾਂ ਦੇ ਵਿਚਾਲੇ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ ਕਿ ਵਾਰਿਸ ਪੰਜਾਬ ਦੇ ਜੱਥੇਬੰਦੀ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਆਜ਼ਾਦ ਤੌਰ 'ਤੇ ਚੋਣ ਲੜਨਗੇ। ਇਸ ਸੰਬੰਧੀ ਫੋਨ 'ਤੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੇ ਵਕੀਲ ਅਤੇ ਸਾਬਕਾ ਐਮ.ਪੀ. ਰਾਜਦੇਵ ਸਿੰਘ ਖਾਲਸਾ ਨੇ ਦੱਸਿਆ ਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਨਾਲ ਮੁਲਾਕਾਤ ਕਰਨ ਲਈ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਖੇ ਗਏ ਹਨ। ਮੁਲਾਕਾਤ ਦੇ ਦੌਰਾਨ ਉਨ੍ਹਾਂ ਨੇ ਭਾਈ ਸਾਹਿਬ ਨੂੰ ਬੇਨਤੀ ਕੀਤੀ ਕਿ ਉਹ ਲੋਕ ਸਭਾ ਚੋਣਾਂ ਲੜਨ ਅਤੇ ਭਾਈ ਅੰਮ੍ਰਿਤਪਾਲ ਸਿੰਘ ਨੇ ਉਨ੍ਹਾਂ ਦੀ ਬੇਨਤੀ ਸਵੀਕਾਰ ਕਰਦਿਆਂ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨ ਲਈ ਹਾਮੀ ਭਰ ਦਿੱਤੀ ਹੈ। ਜਿਸ ਤੋਂ ਬਾਅਦ ਉਨ੍ਹਾਂ ਦੇ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਨਾ ਲਗਭਗ ਤੈਅ ਹੋ ਗਿਆ ਹੈ। ਤੁਹਾਨੂੰ ਦੱਸ ਦਈਏ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਪੁਲਿਸ ਨੇ ਅਪ੍ਰੈਲ 2023 'ਚ ਮੋਗਾ ਜ਼ਿਲ੍ਹੇ ਦੇ ਰੋਡੇ ਪਿੰਡ ਤੋਂ ਗ੍ਰਿਫਤਾਰ ਕੀਤਾ ਸੀ। ਉਨ੍ਹਾਂ 'ਤੇ ਐਨਐਸਏ ਲਗਾਇਆ ਗਿਆ ਸੀ, ਗ੍ਰਿਫਤਾਰ ਜਾਣ ਤੋਂ ਬਾਅਦ ਉਨ੍ਹਾਂ ਨੂੰ ਅਸਾਮ ਦੀ ਡਿਬਰੂਗੜ੍ਹ ਜੇਲ੍ਹ 'ਚ ਕੈਦ ਕੀਤਾ ਗਿਆ ਹੈ। ਉਨ੍ਹਾਂ ਨੂੰ ਜੇਲ੍ਹ 'ਚ ਬੰਦ ਹੋਏ ਲਗਭਗ ਇੱਕ ਸਾਲ ਹੋ ਗਿਆ ਹੈ। ਪਰਿਵਾਰ ਦੀ ਮੰਗ ਹੈ ਕਿ ਉਸ ਨੂੰ ਡਿਬਰੂਗੜ੍ਹ ਜੇਲ੍ਹ ਦੀ ਬਜਾਏ ਪੰਜਾਬ ਦੀ ਜੇਲ੍ਹ ਵਿੱਚ ਸ਼ਿਫਟ ਕੀਤਾ ਜਾਵੇ।



# Now Open New Banquet Hall in Sacramento

*For more info: Contact Paul : (916)334-6000*




# SONNY DHALIWAL

## for SUPERVISOR

**EXPERIENCED LEADERSHIP YOU CAN TRUST**

Paid for by Sonny Dhaliwal for County Supervisor 2024 FPPC#1459023


One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354




ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ

ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ

Our Locations :-

Delhi | Merced | Madera | Santa Nella
Tracy | San Fransisco | Corning

Old Truck Stop Gemco Ripon Next to Flying J, Santos Ave ਦੇ ਉੱਤੇ




Find nearest Location & Hours

Call at 1800-405-9274 or visit our website for
credit application to open credit account with our company

ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ

Tire Shop, Repair Shop, Oil & Lube Shop available on our locations

Website:- www.aaatruckwash.com

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ
ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਮੁਸਲਮਾਨਾਂ 'ਤੇ ਟਿੱਪਣੀ ਕਰਨ 'ਤੇ ਜੇਕਰ ਦੰਗੇ ਹੋਏ ਤਾਂ ਨਰਿੰਦਰ ਮੋਦੀ ਜ਼ਿੰਮੇਵਾਰ ਹੋਣਗੇ

ਸੰਗਰੂਰ
ਸਾਂਝੀ ਸੋਚ ਬਿਊਰੋ

ਨਰਿੰਦਰ ਮੋਦੀ 'ਤੇ ਮੁਸਲਿਮ ਭਾਈਚਾਰੇ ਵਿਰੁੱਧ ਨਫ਼ਰਤ ਦੀ ਮੁਹਿੰਮ ਚਲਾਉਣ ਦਾ ਦੋਸ਼ ਲਗਾਉਂਦੇ ਹੋਏ, ਏਆਈਐਮਆਈਐਮ ਦੇ ਮੁਖੀ ਅਸਦੁੱਦਨ ਓਵੈਸੀ ਨੇ ਕਿਹਾ ਕਿ ਜੇਕਰ ਕੱਲ੍ਹ ਦੇਸ਼ ਵਿੱਚ ਦੰਗਾ ਭੜਕਦਾ ਹੈ ਤਾਂ ਪ੍ਰਧਾਨ ਮੰਤਰੀ ਪੂਰੀ ਤਰ੍ਹਾਂ ਜ਼ਿੰਮੇਵਾਰ ਹੋਣਗੇ। ਪ੍ਰਧਾਨ ਮੰਤਰੀ ਦੀ "ਮੋਦੀ ਕੀ ਗਾਰੰਟੀ" ਟਿੱਪਣੀ 'ਤੇ ਤਿੱਖਾ ਹਮਲਾ ਕਰਦੇ ਹੋਏ, ਓਵੈਸੀ ਨੇ ਕਿਹਾ ਕਿ ਇਹ "ਮੁਸਲਮਾਨਾਂ ਦੀ ਨਫ਼ਰਤ ਦੀ ਗਾਰੰਟੀ" ਤੋਂ ਇਲਾਵਾ ਕੁਝ ਨਹੀਂ ਹੈ।ਓਵੈਸੀ ਨੇ ਨਿਊਜ਼ ਏਜੰਸੀ ਏਐਨਆਈ ਨੂੰ ਦੱਸਿਆ, "ਮੋਦੀ ਕੀ ਏਕ ਹੀ ਗਾਰੰਟੀ, ਮੁਸਲਮਾਨਾਂ ਤੋਂ ਨਫ਼ਰਤ ਦੀ ਗਾਰੰਟੀ (ਮੋਦੀ ਦੀ ਇੱਕੋ ਇੱਕ ਗਾਰੰਟੀ, ਮੁਸਲਮਾਨਾਂ ਦੀ ਨਫ਼ਰਤ ਦੀ ਗਾਰੰਟੀ)। ਉਹ 2002 ਤੋਂ ਅਜਿਹਾ ਕਰ ਰਿਹਾ ਹੈ," ਓਵੈਸੀ ਨੇ ਨਿਊਜ਼ ਏਜੰਸੀ ਏਐਨਆਈ ਨੂੰ ਦੱਸਿਆ। ਏਆਈਐਮਆਈਐਮ ਦੇ ਮੁਖੀ ਨੇ ਕਿਹਾ ਕਿ ਦੇਸ਼ ਵਿੱਚ 17 ਕਰੋੜ ਮੁਸਲਮਾਨ ਹਨ, ਜਿਸ ਨਾਲ ਇਹ ਭਾਰਤ ਦਾ ਸਭ ਤੋਂ ਵੱਡਾ ਘੱਟ ਗਿਣਤੀ ਭਾਈਚਾਰਾ ਹੈ।

"ਉਹ ਦੇਸ਼ ਦੇ 140 ਕਰੋੜ ਲੋਕਾਂ ਦੇ ਪ੍ਰਧਾਨ ਮੰਤਰੀ ਹਨ, ਉਹ (ਮੁਸਲਮਾਨਾਂ) ਨੂੰ ਇਸ ਤਰ੍ਹਾਂ ਦੁਖੀ ਕਰ ਰਹੇ ਹਨ, ਉਨ੍ਹਾਂ ਨਾਲ ਇਸ ਤਰ੍ਹਾਂ ਨਫ਼ਰਤ ਕਰ ਰਹੇ ਹਨ! ਜੇਕਰ ਕੱਲ੍ਹ ਨੂੰ



ਦੇਸ਼ ਵਿੱਚ ਦੰਗਾ ਹੋਇਆ ਤਾਂ ਇਸਦੇ ਲਈ ਨਰਿੰਦਰ ਮੋਦੀ ਜ਼ਿੰਮੇਵਾਰ ਹੋਵੇਗਾ। ਅਸਦੁਦੁਨ ਓਵੈਸੀ ਦੀ ਇਹ ਟਿੱਪਣੀ ਪ੍ਰਧਾਨ ਮੰਤਰੀ ਮੋਦੀ ਦੇ ਦੋਸ਼ਾਂ ਤੋਂ ਕੁਝ ਦਿਨ ਬਾਅਦ ਆਈ ਹੈ ਕਿ ਕਾਂਗਰਸ, ਜੇ ਸੱਤਾ ਵਿੱਚ ਆਉਂਦੀ ਹੈ, ਤਾਂ ਦੇਸ਼ ਦੀ ਦੌਲਤ "ਉਨ੍ਹਾਂ ਲੋਕਾਂ ਵਿੱਚ ਵੰਡ ਦੇਵੇਗੀ ਜਿਨ੍ਹਾਂ ਦੇ ਵਧੇਰੇ ਬੱਚੇ ਹਨ"। "ਕਾਂਗਰਸ ਦੇ ਮੈਨੀਫੈਸਟੋ ਵਿੱਚ ਕਿਹਾ ਗਿਆ ਹੈ ਕਿ ਉਹ ਮਾਵਾਂ-ਭੈਣਾਂ ਨਾਲ ਸੋਨੇ ਦਾ ਹਿਸਾਬ ਲਗਾਉਣਗੇ, ਇਸ ਬਾਰੇ ਜਾਣਕਾਰੀ ਲੈਣਗੇ ਅਤੇ ਫਿਰ ਉਸ ਜਾਇਦਾਦ ਨੂੰ ਵੰਡਣਗੇ। ਉਹ ਕਿਸ ਨੂੰ ਵੰਡਣਗੇ- ਮਨਮੋਹਨ ਸਿੰਘ ਦੀ ਸਰਕਾਰ ਨੇ ਕਿਹਾ ਸੀ ਕਿ ਦੇਸ਼ ਦੀ ਜਾਇਦਾਦ 'ਤੇ ਪਹਿਲਾ ਹੱਕ ਮੁਸਲਮਾਨਾਂ ਦਾ ਹੈ," ਪ੍ਰਧਾਨ ਮੰਤਰੀ ਮੰਤਰੀ ਮੋਦੀ ਨੇ ਐਤਵਾਰ ਨੂੰ ਬਾਂਸਵਾੜਾ 'ਚ ਰੈਲੀ ਦੌਰਾਨ ਕਿਹਾ।

"ਪਹਿਲਾਂ, ਜਦੋਂ ਉਨ੍ਹਾਂ ਦੀ (ਕਾਂਗਰਸ) ਸਰਕਾਰ ਸੱਤਾ ਵਿੱਚ ਸੀ, ਉਨ੍ਹਾਂ ਨੇ ਕਿਹਾ ਸੀ ਕਿ ਦੇਸ਼ ਦੀ ਜਾਇਦਾਦ 'ਤੇ ਸਭ ਤੋਂ ਪਹਿਲਾਂ ਮੁਸਲਮਾਨਾਂ ਦਾ ਹੱਕ ਹੈ। ਇਸ ਦਾ ਮਤਲਬ ਹੈ ਕਿ ਇਹ ਜਾਇਦਾਦ ਕਿਸ ਨੂੰ ਵੰਡੀ ਜਾਵੇਗੀ? ਇਹ ਉਨ੍ਹਾਂ ਲੋਕਾਂ ਵਿੱਚ ਵੰਡੀ ਜਾਵੇਗੀ ਜਿਨ੍ਹਾਂ ਦੇ ਵੱਧ ਬੱਚੇ ਹਨ।" ਇਸ ਨੂੰ ਘੁਸਪੈਠੀਆਂ ਨੂੰ ਵੰਡਿਆ ਜਾਵੇਗਾ। ਕੀ ਤੁਹਾਡੀ ਮਿਹਨਤ ਦੀ ਕਮਾਈ ਘੁਸਪੈਠੀਆਂ ਕੋਲ ਜਾਣੀ ਚਾਹੀਦੀ ਹੈ? ਕੀ ਤੁਸੀਂ ਇਸ ਨੂੰ ਮਨਜ਼ੂਰੀ ਦਿੰਦੇ ਹੋ?"

ਹਾਲਾਂਕਿ ਕਾਂਗਰਸ ਨੇ ਇਨ੍ਹਾਂ ਦਾਅਵਿਆਂ ਨੂੰ ਰੱਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਚੋਣ ਮਨੋਰਥ ਪੱਤਰ ਵਿੱਚ ਅਜਿਹਾ ਕੋਈ ਵਾਅਦਾ ਨਹੀਂ ਹੈ।

ਪਾਰਟੀ ਦੇ ਸੰਸਦ ਮੈਂਬਰ ਰਾਹੁਲ ਗਾਂਧੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਝੂਠ ਦਾ ਪੱਧਰ ਇੰਨਾ ਡਿੱਗ ਗਿਆ ਹੈ ਕਿ ਡਰ ਦੇ ਮਾਰੇ ਉਹ ਹੁਣ ਲੋਕਾਂ ਦਾ ਧਿਆਨ ਮੁੱਦਿਆਂ ਤੋਂ ਹਟਾਉਣਾ ਚਾਹੁੰਦੇ ਹਨ। ਸੀਨੀਅਰ ਆਗੂ ਪਵਨ ਖੇੜਾ ਨੇ ਪ੍ਰਧਾਨ ਮੰਤਰੀ ਨੂੰ ਚੁਣੌਤੀ ਦਿੱਤੀ ਕਿ ਪਾਰਟੀ ਦੇ ਚੋਣ ਮਨੋਰਥ ਪੱਤਰ ਵਿੱਚ ਕਿਤੇ ਵੀ ਹਿੰਦੂ ਜਾਂ ਮੁਸਲਮਾਨ ਸ਼ਬਦ ਲਿਖਿਆ ਹੈ ਜਾਂ ਨਹੀਂ, ਇਹ ਹੀ ਦਿਖਾ ਦਿਓ।

# ਅੰਮ੍ਰਿਤਸਰ ਦੇ ਲੋਕਾਂ ਵੱਲੋਂ ਭਾਜਪਾ ਦੀਆਂ ਨੀਤੀਆਂ ਵਿੱਚ ਦੇਸ਼ ਦਾ ਉੱਜਵਲ ਭਵਿੱਖ ਦੇਖ ਕੇ ਸਾਡਾ ਸਾਥ ਦਿੱਤਾ ਜਾ ਰਿਹਾ ਹੈ -ਤਰਨਜੀਤ ਸਿੰਘ ਸੰਧੂ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅੰਮ੍ਰਿਤਸਰ ਸ਼ਹਿਰ ਦੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਸਤਿਕਾਰਯੋਗ ਵਕੀਲ ਅਤੇ ਸੀ ਏ ਸਾਹਿਬਾਨ ਨਾਲ ਦੀ ਇਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਆਪਣੇ ਚੋਣ ਮਨੋਰਥ ਪੱਤਰ, ਸਭ ਵਰਗਾਂ ਤੇ ਇਲਾਕਿਆਂ ਬਾਰੇ ਆਪਣੀਆਂ ਭਵਿੱਖੀ ਯੋਜਨਾਵਾਂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੰਕਲਪ ਪੱਤਰ ਬਾਰੇ ਵਿਚਾਰ ਚਰਚਾ ਕੀਤੀ।

ਇਸ ਮੌਕੇ ਵਕੀਲਾਂ ਅਤੇ ਸੀ ਏ ਸਮੂਹ ਨੇ ਸੰਧੂ ਸਮੁੰਦਰੀ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ। ਸੰਧੂ ਨੇ ਮਿਲੇ ਭਰਵੇਂ ਹੁੰਗਾਰੇ ਲਈ ਸਭ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੈਂ ਵਾਅਦਾ ਕਰਦਾ ਹਾਂ ਆਪ ਸਭ ਦੇ ਮਸਲਿਆਂ ਦਾ ਹੱਲ ਮੇਰੀ ਨੈਤਿਕ ਜ਼ਿੰਮੇਵਾਰੀ ਹੈ, ਜਿਸ ਲਈ ਮੈਂ ਡਟ ਕੇ ਜ਼ੋਰ ਲਗਾਵਾਂਗਾ। ਅੰਮ੍ਰਿਤਸਰ ਦੇ ਬੱਚੇ ਬੱਚੇ ਵੱਲੋਂ ਭਾਜਪਾ ਦੀਆਂ ਨੀਤੀਆਂ ਵਿੱਚ ਦੇਸ਼ ਦਾ ਉੱਜਵਲ ਭਵਿੱਖ ਦੇਖ ਕੇ ਸਾਡਾ ਸਾਥ ਦਿੱਤਾ ਜਾ ਰਿਹਾ ਹੈ।

ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਮੌਜੂਦਾ ਲੋਕ ਸਭਾ ਚੋਣਾਂ ਅੰਮ੍ਰਿਤਸਰ ਦੇ ਭਵਿੱਖ ਦੀ ਲੜਾਈ ਹੈ, ਜੋ ਸ਼ਹਿਰ ਅਤੇ ਇੱਥੋਂ ਦੇ ਲੋਕਾਂ ਦਾ ਭਵਿੱਖ ਤੈਅ ਕਰੇਗੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਅਤੇ ਸਰਹੱਦੀ ਖੇਤਰ ਹੋਰਨਾਂ ਸ਼ਹਿਰਾਂ ਦੇ ਮੁਕਾਬਲੇ ਕਾਫ਼ੀ ਪਛੜੇ ਹੋਏ ਹਨ। ਇਸ ਨੂੰ ਮੁੜ ਲੀਹ 'ਤੇ ਲਿਆਉਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੇ ਵਿਅਕਤੀ ਦੀ ਚੋਣ ਕਰਨ ਦੀ ਲੋੜ ਹੈ ਜੋ ਇਸ ਕੰਮ ਨੂੰ ਕਰਨ ਦੀ ਸਮਰੱਥਾ ਰੱਖਦਾ ਹੋਵੇ। ਉਨ੍ਹਾਂ ਵਾਅਦਾ ਕੀਤਾ ਕਿ ਉਹ ਅੰਮ੍ਰਿਤਸਰ ਲਈ ਵਿਸ਼ੇਸ਼ ਪੈਕੇਜ ਲੈ ਕੇ ਆਉਣਗੇ। ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅਮਰੀਕੀ ਕੰਪਨੀਆਂ ਵੱਲੋਂ ਭਾਰਤ ਵਿੱਚ ਕੀਤਾ ਜਾ ਰਿਹਾ ਨਿਵੇਸ਼ 'ਚ ਅੰਮ੍ਰਿਤਸਰ ਵਿੱਚ ਵੀ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਭਾਰਤ-ਅਮਰੀਕਾ ਸਬੰਧ ਹੁਣ ਭਾਈਵਾਲੀ ਵਜੋਂ ਤੇਜ਼ੀ ਨਾਲ ਅੱਗੇ ਵੱਧ ਰਹੇ ਹਨ, ਹੁਣ ਅਮਰੀਕਾ



ਅਤੇ ਅੰਮ੍ਰਿਤਸਰ ਦਰਮਿਆਨ ਸਬੰਧ ਬਣਾਉਣ ਦੀ ਵਾਰੀ ਹੈ।

ਉਨ੍ਹਾਂ ਅਮਨ-ਕਾਨੂੰਨ ਦੀ ਮਾੜੀ ਹਾਲਤ ਅਤੇ ਨਸ਼ਿਆਂ ਤੋਂ ਪੀੜਤ ਲੋਕਾਂ ਪ੍ਰਤੀ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਜਿਨ੍ਹਾਂ ਸੂਬਿਆਂ ਵਿੱਚ ਭਾਜਪਾ ਦੀਆਂ ਸਰਕਾਰਾਂ ਹਨ, ਉੱਥੇ ਅਮਨ-ਕਾਨੂੰਨ ਦੀ ਕੋਈ ਸਮੱਸਿਆ ਨਹੀਂ ਹੈ ਅਤੇ ਨਸ਼ਿਆਂ ਲਈ ਕੋਈ ਥਾਂ ਨਹੀਂ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਮੁਕਤ ਕਰਨ ਤੋਂ ਇਲਾਵਾ ਉਨ੍ਹਾਂ ਨੂੰ ਵਿਦੇਸ਼ ਜਾਣ ਤੋਂ ਰੋਕਣ ਲਈ ਇੱਥੇ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣਗੇ। ਮੈਂ ਨੌਜਵਾਨਾਂ ਦੀਆਂ ਭਾਵਨਾਵਾਂ ਤੋਂ ਜਾਣੂ ਹਾਂ, ਉਹ ਜ਼ਿੰਦਗੀ ਵਿੱਚ ਬਹੁਤ ਕੁਝ ਕਰਨਾ ਚਾਹੁੰਦੇ ਹਨ ਅਤੇ ਅੱਗੇ ਵਧਣਾ ਚਾਹੁੰਦੇ ਹਨ। ਇੱਥੋਂ ਦੇ ਨੌਜਵਾਨਾਂ ਨੂੰ ਸਮਰੱਥ ਬਣਾਉਣ ਲਈ ਕੁਸ਼ਲ ਸਿੱਖਿਆ ਪ੍ਰਦਾਨ ਕਰਨ ਦੀ ਲੋੜ ਹੈ। ਕੰਪਨੀਆਂ ਨੂੰ ਚੰਗੇ ਹੁਨਰਮੰਦ ਲੋਕ ਨਹੀਂ ਮਿਲਦੇ। ਵਿਦੇਸ਼ੀ ਕੰਪਨੀਆਂ ਇੰਟਰਨਸ਼ਿਪ ਦੀ ਪੇਸ਼ਕਸ਼ ਕਰਨ ਲਈ ਤਿਆਰ ਹਨ. ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅਸੀਂ ਮਿਲ ਕੇ ਕੰਮ ਕਰਾਂਗੇ। ਸਾਡੇ ਸੁਪਨੇ ਜ਼ਰੂਰ ਸਾਕਾਰ ਹੋਣਗੇ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਪਹਿਲਾਂ ਵੀ ਸਭ ਕੁਝ ਸੀ, ਹੁਣ ਵੀ ਸਾਡੇ ਕੋਲ ਬਹੁਤ ਮੌਕੇ ਹਨ, ਅਸੀਂ ਸ਼ਹਿਰ ਦਾ ਮਾਣ ਬਹਾਲ ਕਰਨਾ ਹੈ। ਇੰਦੌਰ ਕਿੱਥੇ ਪਹੁੰਚ ਗਿਆ ਹੈ? ਅੰਮ੍ਰਿਤਸਰ ਦਾ ਚਿਹਰਾ ਬਦਲਣ ਦਾ ਸਮਾਂ ਆ ਗਿਆ ਹੈ, 2027 ਤੱਕ ਇਹ ਸ਼ਹਿਰ ਇੰਦੌਰ ਦਾ ਮੁਕਾਬਲਾ ਕਰੇਗਾ।

ਉਨ੍ਹਾਂ ਕਿਹਾ ਕਿ ਹਰਿਆਣਾ ਅਤੇ ਹੋਰ ਰਾਜਾਂ ਦੀਆਂ ਲੜਕੀਆਂ ਖੇਡਾਂ ਵਿੱਚ ਤਰੱਕੀ ਕਰ ਰਹੀਆਂ ਹਨ ਤਾਂ ਅਸੀਂ ਪਿੱਛੇ ਕਿਉਂ ਹਾਂ? ਅੰਮ੍ਰਿਤਸਰ ਵਿੱਚ ਖੇਡਾਂ ਨੂੰ ਮੁੜ ਸੁਰਜੀਤ ਕੀਤਾ ਜਾਵੇਗਾ। ਇੱਕ ਸਾਲ ਬਾਅਦ ਅੰਮ੍ਰਿਤਸਰ ਵਿੱਚ ਆਈ ਪੀ ਐਲ ਮੈਚ ਹੋਣਗੇ। ਉਨ੍ਹਾਂ ਕਿਹਾ ਕਿ ਨਿੱਜੀ ਖੇਤਰ ਨੂੰ ਅੰਮ੍ਰਿਤਸਰ ਲਿਆਉਣਾ ਪਵੇਗਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਸੈਰ ਸਪਾਟਾ ਉਦਯੋਗ ਦੀਆਂ ਵਧੇਰੇ ਸੰਭਾਵਨਾਵਾਂ ਹਨ।

ਨੌਜਵਾਨ ਸਟਾਰਟਅੱਪ ਸ਼ੁਰੂ ਕਰ ਸਕਦੇ ਹਨ। ਅੰਮ੍ਰਿਤਸਰ ਤੱਕ ਹਵਾਈ ਸੰਪਰਕ ਵਧਾਉਣ ਦੀ ਲੋੜ ਹੈ। ਏਅਰ ਕੈਨੇਡਾ ਅੰਮ੍ਰਿਤਸਰ ਉੱਤਰਨ ਲਈ ਤਿਆਰ ਹੈ। ਜਲਦੀ ਹੀ ਇੱਥੇ ਅਮਰੀਕੀ ਕੌਂਸਲੇਟ ਖੋਲ੍ਹਿਆ ਜਾਵੇਗਾ। ਵੀਜ਼ਾ ਇੱਥੋਂ ਮਿਲ ਜਾਵੇਗਾ। ਅੰਤਰਰਾਸ਼ਟਰੀ ਵਪਾਰ ਲਈ ਮੌਕਿਆਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਨੇ ਕਿਸਾਨਾਂ ਦੀ ਆਮਦਨ ਵਧਾਉਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਅੰਮ੍ਰਿਤਸਰ ਤੋਂ ਫਲ, ਸਬਜ਼ੀਆਂ, ਅੰਮ੍ਰਿਤਸਰੀ ਗਹਿਣੇ, ਜੁੱਤੀਆਂ, ਫੁਲਕਾਰੀ ਆਦਿ ਨੂੰ ਕਾਰਗੋ ਰਾਹੀਂ ਵਿਦੇਸ਼ਾਂ ਨੂੰ ਭੇਜਿਆ ਜਾ ਸਕਦਾ ਹੈ। ਸਥਾਨਕ ਕਾਰੋਬਾਰਾਂ ਨੂੰ ਪ੍ਰਮੁੱਖ ਗਲੋਬਲ ਉਦਯੋਗਿਕ ਬ੍ਰਾਂਡਾਂ ਨਾਲ ਸਾਂਝੇਦਾਰੀ ਕਰਨ ਦਾ ਮੌਕਾ ਪ੍ਰਦਾਨ ਕਰਕੇ ਅੰਮ੍ਰਿਤਸਰ ਦੇ ਆਰਥਿਕ ਵਿਕਾਸ ਨੂੰ ਅੱਗੇ ਵਧਾਇਆ ਜਾ ਸਕਦਾ ਹੈ।

ਇਸ ਮੌਕੇ ਭਾਜਪਾ ਜਿਲਾ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਦੇ ਵਿਕਾਸ ਲਈ ਸਮੂਹ ਅੰਮ੍ਰਿਤਸਰ ਵਾਸੀਆਂ ਨੂੰ ਮੈਂ ਅਪੀਲ ਕਰਦਾ ਹਾਂ ਕਿ ਉਨ੍ਹਾਂ ਦੇ ਕੋਲ ਅੱਜ ਸੁਨਹਿਰੀ ਮੌਕਾ ਹੈ, ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਜਿਤਾਉਣ ਦਾ ਅਤੇ ਇਹ ਮੌਕਾ ਉਹ ਨਾ ਗਵਾਉਂਦੇ ਹੋਏ ਇਕ ਜੂਨ ਨੂੰ ਖੁੱਲ ਕੇ ਸੰਧੂ ਦੇ ਹੱਕ ਵਿੱਚ ਵੋਟਿੰਗ ਕਰਨ ਅਤੇ ਕਮਲ ਦੇ ਫੁੱਲ ਦਾ ਬਟਨ ਦਬਾਉਣ।

# ਖਡੂਰ ਸਾਹਿਬ ਤੋਂ ਭਾਜਪਾ ਉਮੀਦਵਾਰ ਮੰਨਾ ਨੂੰ ਕਿਸਾਨਾਂ ਨੇ ਪਿੰਡ ਸੁਧਾਰ ਰਾਜਪੂਤਾਂ ਘੇਰਿਆ

ਬਿਆਸ
ਬਲਰਾਜ ਸਿੰਘ ਰਾਜਾ

ਅੱਜ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਦੇ ਪਿੰਡ ਸੁਧਾਰ ਰਾਜਪੂਤਾਂ ਵਿਚ ਖਡੂਰ ਸਾਹਿਬ ਲੋਕ ਸਭਾ ਹਲਕੇ ਦੇ ਭਾਜਪਾ ਉਮੀਦਵਾਰ ਮਨਜੀਤ ਸਿੰਘ ਮੰਨਾਂ ਦਾ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੈਂਕੜਿਆਂ ਦੀ ਗਿਣਤੀ ਵਿਚ ਕਾਰਕੁਨਾਂ ਵਲੋ ਘੇਰ ਕੇ ਭਾਰੀ ਵਿਰੋਧ ਕੀਤਾ।

ਪ੍ਰਾਪਤ ਜਾਣਕਾਰੀ ਅੱਜ ਬਾਅਦ ਦੁਪਹਿਰ ਲੋਕ ਸਭਾ ਹਲਕਾ ਖਡੂਰ ਸਾਹਿਬ ਦੇ ਭਾਜਪਾ ਉਮੀਦਵਾਰ ਮਨਜੀਤ ਸਿੰਘ ਮੰਨਾਂ ਵਲੋ ਪਿੰਡ ਸੁਧਾਰ ਰਾਜਪੂਤਾਂ ਵਿਚ ਪ੍ਰੋਗਰਾਮ ਰੱਖਿਆ ਗਿਆ ਸੀ। ਜਿਸ ਸਬੰਧੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਕਾਰਕੁਨਾਂ ਨੂੰ ਭਿਣਕ ਪੈਣ ਤੇ ਸੈਂਕੜਿਆਂ ਦੀ ਗਿਣਤੀ ਵਿਚ ਕਿਸਾਨ ਮਜ਼ਦੂਰ ਹੱਥਾਂ ਵਿਚ ਤਖ਼ਤੀਆਂ ਫੜੀ ਉੱਥੇ ਪੁੱਜੇ। ਉਸ ਦੀ ਘੇਰਾਬੰਦੀ ਕਰ ਲਈ ਅਤੇ ਉਨ੍ਹਾਂ ਨੂੰ ਭਾਜਪਾ ਦੀ ਕੇਂਦਰ ਸਰਕਾਰ ਵਲੋਂ ਕਿਸਾਨਾਂ ਤੇ ਕੀਤੇ ਅਤਿਆਚਾਰ ਸਬੰਧੀ ਸਵਾਲ ਪੁੱਛਣੇ ਸਨ ਜਿਸ ਦੌਰਾਨ ਭਾਰੀ ਗਿਣਤੀ ਵਿਚ ਪੁਲੀਸ ਕਰਮਚਾਰੀ ਨੇ ਪੁੱਜ ਕੇ ਕਿਸਾਨਾਂ ਨੂੰ ਅੱਗੇ ਵਧਣ ਤੋ ਰੋਕਿਆ ਅਤੇ ਰੱਸਾ ਬੰਦੀ ਕਰਕੇ ਭਾਜਪਾ ਉਮੀਦਵਾਰ ਨੂੰ ਘਿਰਾਓ ਵਿਚੋਂ ਬਾਹਰ ਕੱਢਿਆ। ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਰਣਜੀਤ ਸਿੰਘ ਕਲੇਰ ਬਾਲਾ,ਚਰਨ ਸਿੰਘ ਕਲੇਰ ਘੁਮਾਣੀ ਦੀ ਅਗਵਾਈ ਹੇਠ ਭਾਜਪਾ ਆਗੂ ਦਾ ਘਿਰਾਓ ਕੀਤਾ ਗਿਆ।




CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

WE HAVE THE CHEAPEST FARES TO INDIA

# LEGEND TRAVEL

arc accredited agency

CST # 207524-40

Special Fares To India From West-coast (us) On Air India Direct Flights



JATINDER SINGH




LOWEST AIRFARES FROM USA TO INDIA

★Travel Insurance ★ Great last Minute Deals★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA




## ਸੰਗਤ ਤੇ ਸੇਵਾਦਾਰਾਂ ਦੇ ਪਰਿਵਾਰਾਂ ਵੱਲੋਂ ਸੇਵਾ

| ( ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ) | ( ਕੀਰਤਨ-ਸ਼ਾਮ 6 ਤੋਂ 8 ਵਜੇ ਤੱਕ ) | ( ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ) |
|---|---|---|
| 26 ਅਪ੍ਰੈਲ, 2024 | 27 ਅਪ੍ਰੈਲ, 2024 | 28 ਅਪ੍ਰੈਲ, 2024 |

**ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੀ ਕੀਰਤਨ ਦੀਵਾਨ ਸੱਜਣਗੇ ਤੇ**

ਸੰਗਤਾਂ ਨੂੰ ਮਹਾਨ ਕੀਰਤਨੀਆਂ ਤੇ ਰਾਗੀਆਂ ਵਲੋਂ ਨਿਹਾਲ ਕੀਤਾ ਜਾਵੇਗਾ | ਸੇਵਾਦਾਰ ਪਰਿਵਾਰਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ |

**ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਪਹੁੰਚੋ ਤੇ ਆਪਣੀਆਂ ਹਾਜ਼ਰੀਆਂ ਲਗਵਾਓ ਜੀ**

**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :** ਰਮੇਸ਼ ਸੁਮਨ : (925) 366 3618

ਦਿਲਬਾਗ਼ ਸਿੰਘ : (209) 834 4641 | ਵਿਨੋਦ ਕੁਮਾਰ : +1 (408) 718-2506

**SRI GURU RAVIDASS TEMPLE :**

**2150 CRESTVIEW DRIVE, PITTSBURG, CA 94565**


ARES LENDING
Residential | Commercial | Investment
ਆਪਣਾ ਘਰ Re-Finance ਜਾਂ ਖ਼ਰੀਦਣਾ
Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ
ਤਾਂ ARES LANDING Assist ਕਰ ਸਕਦੀ ਹੈ :
SBA Loan
SBA LOAN
FHA Loan
FHA LOAN
CONVENTIONAL LOAN
CONVENTIONAL LOAN
Commercial Loan
PRIVATE LOAN
PRIVATE LOAN
VA HOME LOANS
VA LOAN
ਜੇਕਰ ਤੁਸੀਂ Veteran ਹੋ America ਦੇ ਤਾਂ
ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ
Contact (TONY SINGH ) For More INFO at : (916) 519-7009
DRE#: 01901843 | NMLS: 823070 | DRE# 02188764 | NMLS# 2402240
TRS LDA SERVICES COMPANY
DRE# 02188764 | LDA# 2022-001
Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY
ਕੋਲ ਹੈ Credit Repair ਦਾ ਹਰ ਹੱਲ
Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ
ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ
ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ
ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200

# ਪੰਜਾਬ ਰਾਜ ਸਕੂਲ ਖੇਡਾਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਜ਼ਿਲ੍ਹਾ ਬਰਨਾਲਾ ਦੇ ਖਿਡਾਰੀਆਂ ਦਾ ਕੀਤਾ ਸਨਮਾਨ




ਬਰਨਾਲਾ
ਸਾਂਝੀ ਸੋਚ ਬਿਊਰੋ

ਜ਼ਿਲ੍ਹਾ ਟੂਰਨਾਮੈਂਟ ਕਮੇਟੀ ਬਰਨਾਲਾ ਵੱਲੋਂ 67ਵੀਆਂ ਪੰਜਾਬ ਰਾਜ ਅੰਤ਼ਰ ਜਿਲ੍ਹਾ ਸਕੂਲ ਖੇਡਾਂ ਸੈਸ਼ਨ 2023-24 ਦੌਰਾਨ ਪ੍ਰਾਪਤੀਆਂ ਕਰਨ ਵਾਲੇ ਜਿਲ੍ਹੇ ਦੇ ਖਿਡਾਰੀਆਂ ਦਾ ਸਨਮਾਨ ਕਰਨ ਲਈ ਵਾਈ.ਐਸ. ਸਕੂਲ ਹੰਡਿਆਇਆ ਵਿਖੇ ਜਿਲ੍ਹਾ ਪੱਧਰੀ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਖਿਡਾਰੀਆਂ ਦਾ ਸਨਮਾਨ ਕਰਨ ਦੀ ਰਸਮ ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਬਰਨਾਲਾ ਮੈਡਮ ਪਦਮਨੀ ਨੇ ਨਿਭਾਈ। ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਬਰਨਾਲਾ ਮੈਡਮ ਪਦਮਨੀ ਨੇ ਸੂਬਾ ਪੱਧਰੀ ਖੇਡਾਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਜਿੱਥੇ ਖੇਡਾਂ ਵਿਅਕਤੀ ਦਾ ਸਰੀਰਕ ਵਿਕਾਸ ਕਰਦੀਆਂ ਹਨ ਉੱਥੇ ਨਾਲ ਹੀ ਉਸ ਨੂੰ ਮਾਨਸਿਕ ਤੌਰ 'ਤੇ ਮਜ਼ਬੂਤ ਅਤੇ ਸਮਾਜਿਕ ਤੌਰ 'ਤੇ ਚੇਤੰਨ ਵੀ ਬਣਾਉਣੀਆਂ ਹਨ। ਉਹਨਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਸਖਤ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਉਪ ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਡਾ. ਬਰਜਿੰਦਰਪਾਲ ਸਿੰਘ ਨੇ ਵਿਦਿਆਰਥੀ ਜੀਵਨ ਵਿੱਚ ਖੇਡਾਂ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਕਿਹਾ ਕਿ ਖੇਡਾਂ ਵਿੱਚ ਮਿਲੇ ਮੌਕਿਆਂ ਰਾਹੀਂ ਵਿਅਕਤੀ ਦੀ ਸਖਸ਼ੀਅਤ ਵਿੱਚ ਨਿਖਾਰ ਆਉਂਦਾ ਹੈ ਅਤੇ ਸਮਾਜ ਵਿੱਚ ਉਸ ਦੀ ਵਿਲੱਖਣ ਪਛਾਣ ਬਣਦੀ ਹੈ।

ਡੀ.ਐਮ. ਸਪੋਰਟਸ ਬਰਨਾਲਾ ਸਿਮਰਦੀਪ ਸਿੰਘ ਸਿੱਧੂ ਨੇ ਜਿਲ੍ਹੇ ਦੀਆਂ ਖੇਡ ਪ੍ਰਾਪਤੀਆਂ ਸਬੰਧੀ ਚਾਨਣਾ ਪਾਉਂਦਿਆਂ ਦੱਸਿਆ ਕਿ ਸੈਸ਼ਨ 2023-24 ਦੌਰਾਨ ਜਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ ਖਿਡਾਰੀਆਂ ਨੇ ਪੰਜਾਬ ਰਾਜ ਸਕੂਲ ਖੇਡਾਂ ਵਿੱਚ ਕੁੱਲ 213 ਮੈਡਲ ਜਿੱਤ ਕੇ ਆਪਣੇ ਅਧਿਆਪਕਾਂ, ਮਾਤਾ-ਪਿਤਾ ਅਤੇ ਜਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਪ੍ਰਿੰਸੀਪਲ ਡਾ. ਅਜਿੰਤਾ ਦਹੀਆ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਖੇਡਾਂ ਜੀਵਨ ਦੀਆਂ ਕਠਿਨਾਈਆਂ ਵਿੱਚ ਵਿਅਕਤੀ ਨੂੰ ਅੱਗੇ ਵਧਣ ਲਈ ਪ੍ਰੇਰਨਾ ਦਿੰਦਿਆਂ ਹਨ। ਇਸ ਲਈ ਹਰੇਕ ਵਿਅਕਤੀ ਨੂੰ ਖੇਡਾਂ ਵਿੱਚ ਭਾਗ ਲੈਣਾ ਚਾਹੀਦਾ ਹੈ। ਮੰਚ ਸੰਚਾਲਨ ਦੀ ਜਿੰਮੇਵਾਰੀ ਡੀ.ਪੀ.ਈ. ਹਰਜੀਤ ਸਿੰਘ ਜੋਗਾ ਵੱਲੋ ਨਿਭਾਈ ਗਈ। ਇਸ ਮੌਕੇ ਪ੍ਰਿੰਸੀਪਲ ਨੀਰਜਾ, ਪ੍ਰਿੰਸੀਪਲ ਨਿਦਾ ਅਲਤਾਫ, ਹੈੱਡ ਮਾਸਟਰ ਪ੍ਰਦੀਪ ਕੁਮਾਰ, ਸਚਿਨ ਗੁਪਤਾ, ਮੱਲ ਸਿੰਘ, ਮਲਕੀਤ ਸਿੰਘ ਭੁੱਲਰ, ਬਲਜਿੰਦਰ ਸਿੰਘ, ਭੁਪਿੰਦਰ ਸਿੰਘ, ਮਨਜੀਤ ਸਿੰਘ, ਰਜਿੰਦਰ ਸਿੰਘ, ਅਵਤਾਰ ਸਿੰਘ, ਲਵਲੀਨ ਸਿੰਘ, ਜਸਪ੍ਰੀਤ ਸਿੰਘ, ਹਰਭਜਨ ਸਿੰਘ, ਜਤਿੰਦਰਜੀਤ ਸਿੰਘ ਸਮੇਤ ਸਮੂਹ ਜਿਲ੍ਹਾ ਟੂਰਨਾਮੈਂਟ ਕਮੇਟੀ, ਵੱਖ-ਵੱਖ ਸਕੂਲਾਂ ਦੇ ਸਰੀਰਕ ਸਿੱਖਿਆ ਅਧਿਆਪਕ ਅਤੇ ਖਿਡਾਰੀ ਮੌਜੂਦ ਸਨ।

# ਨਰਮੇ ਦੀ ਫਸਲ ਨੂੰ ਕਾਮਯਾਬ ਕਰਨ ਅਤੇ ਬਿਜਾਈ ਦੇ ਟੀਚੇ ਨੂੰ ਪੂਰਾ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣ -ਧਰਮਪਾਲ

ਮਾਨਸਾ
ਸਾਂਝੀ ਸੋਚ ਬਿਊਰੋ



ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ ਜਸਵੰਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਡਿਪਟੀ ਡਾਇਰੈਕਟਰ ਖੇਤੀਬਾੜੀ (ਕਪਾਹ), ਧਰਮਪਾਲ ਵੱਲੋਂ ਨਰਮੇ ਦੀ ਬਿਜਾਈ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹੇ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿਚ ਸਮੂਹ ਖੇਤੀਬਾੜੀ ਅਫ਼ਸਰ ਅਤੇ ਖੇਤੀਬਾੜੀ ਵਿਕਾਸ ਅਫ਼ਸਰ ਸ਼ਾਮਲ ਹੋਏ। ਡਿਪਟੀ ਡਾਇਰੈਕਟਰ ਖੇਤੀਬਾੜੀ (ਕਪਾਹ) ਧਰਮਪਾਲ ਨੇ ਅਧਿਕਾਰੀਆਂ ਪਾਸੋਂ ਨਰਮੇ ਦੀ ਫਸਲ ਸਬੰਧੀ ਕੀਤੇ ਗਏ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਹਦਾਇਤ ਕੀਤੀ ਕਿ ਜ਼ਿਲ੍ਹੇ ਦੀਆਂ ਸਮੂਹ ਜਿਨਿੰਗ ਫੈਕਟਰੀਆਂ ਵਿੱਚ ਜੇਕਰ ਜ਼ਰੂਰਤ ਹੋਵੇ ਤਾਂ ਜ਼ਿਲ੍ਹਾ ਪ੍ਰਸ਼ਾਸ਼ਨ ਦੀ ਮਦਦ ਨਾਲ ਫਿਊਮੀਗੇਸ਼ਨ ਕਰਵਾਈ ਜਾਵੇ ਅਤੇ ਰਹਿੰਦ-ਖੂੰਹਦ ਨੂੰ ਨਸ਼ਟ ਕਰਵਾਇਆ ਜਾਵੇ।

ਉਨ੍ਹਾਂ ਕਿਹਾ ਕਿ ਆਪਣੇ ਅਧੀਨ ਸਟਾਫ ਨੂੰ ਨਰਮੇ ਵਾਲੇ ਪਿੰਡਾਂ ਦੀ ਵੰਡ ਕੀਤੀ ਜਾਵੇ ਅਤੇ ਹਰ ਅਧਿਕਾਰੀ/ਕਰਮਚਾਰੀ ਵੱਲੋਂ ਪਿੰਡ ਵਾਰ ਕੀਤੇ ਗਏ ਉਪਰਾਲਿਆਂ ਸਬੰਧੀ ਰਜਿਸਟਰ ਮੇਨਟੇਨ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਨਰਮੇ ਦੀ ਸਮੇਂ ਸਿਰ ਬਿਜਾਈ ਵਾਸਤੇ ਨਹਿਰੀ ਪਾਣੀ ਦੀ ਨਿਰਵਿਘਨ ਸਪਲਾਈ ਲਈ ਸਬੰਧਤ ਵਿਭਾਗ ਨਾਲ ਤਾਲਮੇਲ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਜਿਲ੍ਹੇ ਨੂੰ ਅਲਾਟ 34 ਹਜ਼ਾਰ ਹੈਕਟੇਅਰ ਦੇ ਟੀਚੇ ਨੂੰ ਹਰ ਹਾਲਤ ਵਿੱਚ ਪੂਰਾ ਕਰਨ ਲਈ ਕਿਸਾਨਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ। ਬਲਾਕ ਖੇਤੀਬਾੜੀ ਅਫਸਰ, ਮਾਨਸਾ, ਮਨੋਜ਼ ਕੁਮਾਰ ਨੇ ਦੱਸਿਆ ਕਿ ਬਲਾਕ ਸਰਦੂਲਗੜ੍ਹ, ਮਾਨਸਾ ਅਤੇ ਝੁਨੀਰ ਵਿੱਚ ਨਰਮੇ ਦੀਆਂ ਛਟੀਆਂ ਦਾ ਮੁਕੰਮਲ ਪ੍ਰਬੰਧਨ ਕਰਵਾਇਆ ਜਾ ਚੁੱਕਾ ਹੈ ਅਤੇ ਇਨ੍ਹਾਂ ਬਲਾਕਾਂ ਵਿੱਚ ਮੌਜੂਦ ਜਿਨਿੰਗ ਫੈਕਟਰੀਆਂ ਅਤੇ ਤੇਲ ਮਿੱਲਾਂ ਵਿੱਚ ਫਿਊਮੀਗੇਸ਼ਨ ਦਾ ਕੰਮ ਵੀ ਕਰਵਾ ਦਿੱਤਾ ਗਿਆ ਹੈ। ਖੇਤੀਬਾੜੀ ਅਫਸਰ, ਹਰਵਿੰਦਰ ਸਿੰਘ ਨੇ ਬਲਾਕ ਭੀਖੀ ਅਤੇ ਬੁਢਲਾਡਾ ਵਿੱਚ ਛਟੀਆਂ ਦੇ ਪ੍ਰਬੰਧਨ ਅਤੇ ਫਿਊਮੀਗੇਸ਼ਨ ਦਾ ਕੰਮ ਪੂਰਾ ਕਰਨ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਨਰਮੇ ਦੀ ਫਸਲ ਨੂੰ ਚਿੱਟੀ ਮੱਖੀ ਦੇ ਹਮਲੇ ਤੋਂ ਬਚਾਉਣ ਲਈ ਜ਼ਿਲ੍ਹੇ ਅੰਦਰ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਨਦੀਨ ਨਸ਼ਟ ਕਰਨ ਲਈ ਮੁਹਿੰਮ ਚਲਾਈ ਗਈ ਅਤੇ ਨਦੀਨਾਂ ਦਾ ਖਾਤਮਾ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜਿਲ੍ਹੇ ਅੰਦਰ ਨਰਮੇ ਦੇ ਬੀਜ ਦੀ ਜ਼ਰੂਰਤ ਅਨੁਸਾਰ ਉਪਲੱਬਧਤਾ ਨੂੰ ਯਕੀਨੀ ਬਣਾਉਣ ਲਈ ਬੀਜ ਕੰਪਨੀਆਂ ਅਤੇ ਬੀਜ ਡੀਲਰਾਂ ਨਾਲ ਮੀਟਿੰਗਾਂ ਕਰਕੇ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ। ਇਸ ਉਪਰੰਤ ਡਿਪਟੀ ਡਾਇਰੈਕਟਰ ਖੇਤੀਬਾੜੀ (ਕਪਾਹ) ਧਰਮਪਾਲ ਵੱਲੋਂ ਪਿੰਡ ਮਲਕਪੁਰ ਖਿਆਲਾ ਦੇ ਕਿਸਾਨ ਹਰਦੀਪ ਸਿੰਘ ਦੇ ਖੇਤ ਵਿੱਚ ਬੀਜੀ ਗਈ ਨਰਮੇ ਦੀ ਫਸਲ ਦਾ ਨਿਰੀਖਣ ਕੀਤਾ ਗਿਆ। ਉਨ੍ਹਾਂ ਕ੍ਰਿਸ਼ਨਾ ਇੰਡਸਟਰੀਜ਼ ਅਤੇ ਕਾਟਨ ਮਿੱਲ ਮਾਨਸਾ ਵਿਖੇ ਵਿਜ਼ਟ ਕਰਦਿਆਂ ਮਿੱਲ ਵਿੱਚ ਕੀਤੀ ਗਈ ਫਿਊਮੀਗੇਸ਼ਨ 'ਤੇ ਤਸੱਲੀ ਪ੍ਰਗਟਾਈ।






ARES REALTY
Residential | Commercial | Investment

Thinking
Of Selling Or
Buying A Home ?



ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR
Jassi Avtar : (916) 335-3760 License ID: 02192444
Alex Singh : (916) 582-4394 License ID: 02191925
Rupinder Dhaliwal ( Ruby ): (916) 764-2859 License ID: 01461487
Amarbir Takhar : (209) 277-9200 License ID: 02225690
Harpreet Singh : (510) 589-8409 License ID: 02194943
Roseleen Kumar : (916)802-4833 License ID: 02028063

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ Re -Modelling ਕਰਦੇ ਹਾਂ | Without Any Money Out Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor License ID: 01901843



Sanjha Punjab USA
Presents
Dr. Mamta Joshi
Sufi Gazal
MAY 4 SAT
AT
7:00 PM
LIVE
CONCERT
VENUE :
ANTUN'S
BY
MINAR
244 West Old Country Road Hicksville, New York 11801
Show Booking your City
Balwinder Singh Bajwa
Ph : 516-852-2222
SANJHA
ਪੰਜਾਬ
USA
www.sanjhapunjabusa.us | sanjhapunjabusa@gmail.com



SANJHI SOCH
ਬਰਜਿੰਦਰ ਕੌਰ ਬਿਸਰਾਓ
99889-01324

# "ਵਿਸ਼ਵ ਪੁਸਤਕ ਅਤੇ ਕਾਪੀਰਾਈਟ ਦਿਵਸ" ਦਾ ਮਹੱਤਵ

ਸਾਹਿਤ ਦੀ ਦੁਨੀਆਂ ਵਿੱਚ ਸ਼ੈਕਸਪੀਅਰ ਦੇ ਕੱਦ ਨੂੰ ਕੌਣ ਨਹੀਂ ਜਾਣਦਾ?ਦੁਨੀਆਂ ਦੇ ਇਸ ਮਹਾਨ ਲੇਖਕ ਵਿਲੀਅਮ ਸ਼ੈਕਸਪੀਅਰ ਦੀ ਮੌਤ 23 ਅਪ੍ਰੈਲ 1616 ਨੂੰ ਹੋਈ ਸੀ। ਉਸ ਦੀ ਸਾਹਿਤ ਨੂੰ ਦੇਣ ਨੂੰ ਦੇਖਦੇ ਹੋਏ ਯੂਨੈਸਕੋ (ੂੰਓਸ਼ਛੌ )ਨੇ 1995 ਤੋਂ ਵਿਸ਼ਵ ਪੁਸਤਕ ਦਿਵਸ ਵਜੋਂ ਮਨਾਉਣ ਦਾ ਫੈਸਲਾ ਲਿਆ। ਭਾਰਤ ਸਰਕਾਰ ਨੇ ਇਸ ਦਿਨ ਨੂੰ ਸੰਨ 2001 ਤੋਂ ਵਿਸ਼ਵ ਪੁਸਤਕ ਦਿਵਸ ਵਜੋਂ ਮਨਾਉਣ ਦਾ ਐਲਾਨ ਕੀਤਾ ਸੀ।ਵਿਸ਼ਵ ਪੁਸਤਕ ਦਿਵਸ ਨੂੰ ਵਿਸ਼ਵ ਪੁਸਤਕ ਅਤੇ ਕਾਪੀਰਾਈਟ ਦਿਵਸ ਵਜੋਂ ਵੀ ਜਾਣਿਆ ਜਾਂਦਾ ਹੈ। ਸੰਯੁਕਤ ਰਾਸ਼ਟਰ ਦੇ ਸਿੱਖਿਆ ਸੰਗਠਨ ਯੂਨੈਸਕੋ ਵੱਲੋਂ ਪੜ੍ਹਨ ਅਤੇ ਪ੍ਰਕਾਸ਼ਨ ਨੂੰ ਸ਼ਕਤੀਸ਼ਾਲੀ ਬਣਾਉਣ ਅਤੇ ਬੌਧਿਕ ਸੰਪਤੀ ਨੂੰ ਕਾਪੀਰਾਈਟ ਰਾਹੀਂ ਸੁਰੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨਾਲ ਇਹ ਦਿਨ ਮਨਾਇਆ ਜਾਂਦਾ ਹੈ। ਸੰਯੁਕਤ ਰਾਸ਼ਟਰ ਵਿੱਦਿਅਕ, ਵਿਗਿਆਨਕ ਅਤੇ ਸੱਭਿਆਚਾਰਕ ਸੰਗਠਨਾਂ ਦੁਆਰਾ ਹਰ ਸਾਲ ਇਸ ਨਿਰਧਾਰਤ ਦਿਨ ਤੇ ਵਿਸ਼ਵ ਪੁਸਤਕ ਦਿਵਸ ਦਾ ਆਯੋਜਨ ਪੁਸਤਕਾਂ ਨੂੰ ਪੜ੍ਹਨ, ਪ੍ਰਕਾਸ਼ਨ ਅਤੇ ਉਹਨਾਂ ਦੇ ਕਾਪੀਰਾਈਟ ਨੂੰ ਉਤਸ਼ਾਹਿਤ ਕਰਨ ਲਈ ਕੀਤਾ ਜਾਂਦਾ ਹੈ। ਉਂਝ ਵੀ 23 ਅਪ੍ਰੈਲ ਦੁਨੀਆਂ ਭਰ ਦੇ ਸਾਹਿਤ ਲਈ ਇੱਕ ਮਹੱਤਵਪੂਰਨ ਤਾਰੀਖ ਮੰਨੀ ਜਾਂਦੀ ਹੈ ਕਿਉਂਕਿ ਇਸ ਦਿਨ ਕਈ ਮਹਾਨ ਹਸਤੀਆਂ ਦੀ ਬਰਸੀ ਸੀ। ਸ਼ੈਕਸਪੀਅਰ ਤੋਂ ਇਲਾਵਾ ਮਿਗੈਲ ਦੇ ਸਰਵਾਂਤੇਸ, ਇੰਕਾ ਗਾਰਸੀਲਾਸੋ ਡੀ ਲਾ ਵੇਗਾ, ਜੌਸੇਪ ਪਲਾ ਅਤੇ ਭਾਰਤ ਦੇ ਪ੍ਰਸਿੱਧ ਸੰਗੀਤਕਾਰ ਉਸਤਾਦ ਬੜੇ ਗੁਲਾਮ ਅਲੀ ਖਾਂ ਦਾ ਦਿਹਾਂਤ ਵੀ ਇਹੋ ਦਿਨ ਹੋਇਆ । ਮਾਰੀਸ ਦਰੂਓਂ, ਵਲਾਦੀਮੀਰ ਨਾਬੋਕੋਵ, ਮੈਨੁਇਲ ਮੇਜ਼ੀਆ ਵਲੇਜ਼ੋ ਅਤੇ ਹਾਲਦਾਰ ਲੈਕਸਨੈਸ ਜਿਹੇ ਕਈ ਹੋਰ ਮਹੱਤਵਪੂਰਨ ਲੇਖਕਾਂ ਦਾ ਜਨਮ ਇਸੇ ਦਿਨ ਹੋਇਆ ਸੀ। ਇਸ ਕਰਕੇ ਪੁਸਤਕਾਂ ਅਤੇ ਲੇਖਕਾਂ ਦੀ ਯਾਦ ਨੂੰ ਸਮਰਪਿਤ ਦੇ ਮਕਸਦ ਨਾਲ ਹੀ ਇਸ ਤਰੀਕ ਦਾ ਐਲਾਨ ਕੀਤਾ ਗਿਆ ਸੀ। ਸ਼ੇਕਸਪੀਅਰ ਦੀ ਯਾਦ ਨੂੰ ਸਮਰਪਿਤ ਇਹ ਦਿਨ ਇਸ ਲਈ ਵੀ ਮਨਾਇਆ ਜਾਂਦਾ ਹੈ ਕਿਉਂਕਿ ਉਹ ਅਜਿਹਾ ਮਹਾਨ ਲੇਖਕ ਸੀ, ਜਿਸ ਦੀਆਂ ਰਚਨਾਵਾਂ ਦਾ ਦੁਨੀਆਂ ਦੀਆਂ ਜ਼ਿਆਦਾਤਰ ਭਾਸ਼ਾਵਾਂ ਵਿੱਚ ਅਨੁਵਾਦ ਹੋਇਆ। ਸ਼ੇਕਸਪੀਅਰ ਨੇ ਆਪਣੇ ਜੀਵਨ ਕਾਲ ਦੌਰਾਨ ਲਗਭਗ 35 ਨਾਟਕ ਅਤੇ 200 ਤੋਂ ਵੱਧ ਕਵਿਤਾਵਾਂ ਲਿਖੀਆਂ। ਹੁਣ ਤੱਕ 'ਵਿਸ਼ਵ ਪੁਸਤਕ ਦਿਵਸ' ਪੜ੍ਹਨ ਅਤੇ ਪੁਸਤਕ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਜਾਣਿਆ-ਪਛਾਣਿਆ ਦਿਵਸ ਬਣ ਗਿਆ ਹੈ। ਇਹ ਦਿਨ ਇਕ ਸੌ ਤੋਂ ਵੀ ਵੱਧ ਦੇਸ਼ਾਂ ਵਿਚ ਮਨਾਇਆ ਜਾਂਦਾ ਹੈ। ਇਸ ਮੌਕੇ ਯੂਨੈਸਕੋ ਵੱਲੋਂ ਹਰ ਸਾਲ ਵਿਸ਼ਵ ਦੇ ਕਿਸੇ ਇਕ ਦੇਸ਼ ਦੇ ਸ਼ਹਿਰ ਨੂੰ 'ਯੂਨੈਸਕੋ ਵਿਸ਼ਵ ਪੁਸਤਕ ਰਾਜਧਾਨੀ' ਦਾ ਦਰਜਾ ਦਿੱਤਾ ਜਾਂਦਾ ਹੈ। ਉਹ ਸ਼ਹਿਰ ਉਸ ਵਿਸ਼ੇਸ਼ ਸਾਲ 23 ਅਪ੍ਰੈਲ ਤੋਂ ਲੈ ਕੇ ਅਗਲੇ ਸਾਲ 22 ਅਪ੍ਰੈਲ ਤਕ ਇਹ ਦਰਜਾ ਰੱਖਦਾ ਹੈ। ਭਾਰਤ ਦੀ ਰਾਜਧਾਨੀ ਦਿੱਲੀ ਨੂੰ ਸਾਲ 2005 ਵਿਚ ਵਿਸ਼ਵ ਪੁਸਤਕ ਰਾਜਧਾਨੀ ਬਣਨ ਦਾ ਮਾਣ ਪ੍ਰਾਪਤ ਹੋਇਆ ਸੀ। ਸਾਲ 2024 ਵਿੱਚ ਸਟਾਰਸਬਰਗ ਨੂੰ ਵਰਲਡ ਕੈਪੀਟਲ 2024 ਐਲਾਨਿਆ ਗਿਆ ਹੈ।




ਵਿਸ਼ਵ ਪੁਸਤਕ ਦਿਵਸ ਮਨਾਉਣ ਨਾਲ ਪੁਸਤਕਾਂ ਦੇ ਮਹੱਤਵ, ਉਹਨਾਂ ਦੀ ਪੜਾਈ ਅਤੇ ਪ੍ਰਕਾਸ਼ਨ ਪ੍ਰਤੀ ਜਾਗਰੂਕਤਾ ਵਧ ਰਹੀ ਹੈ। ਇੰਟਰਨੈੱਟ ਦੇ ਜ਼ਮਾਨੇ ਵਿੱਚ ਇਸ ਗੱਲ ਤੇ ਜ਼ੋਰ ਦੇਣ ਦੀ ਲੋੜ ਹੈ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੱਧ ਤੋਂ ਵੱਧ ਪੁਸਤਕਾਂ ਦਾ ਮਹੱਤਵ ਦੱਸ ਕੇ ਪੁਸਤਕਾਂ ਪੜ੍ਹਨ ਦੀ ਆਦਤ ਪਾਈ ਜਾਏ ਕਿਉਂਕਿ ਪੁਸਤਕ ਇਨਸਾਨ ਦਾ ਉਹ ਗਹਿਣਾ ਹੁੰਦੀਆਂ ਹਨ ਜੋ ਉਸ ਦੀ ਸਖਸ਼ੀਅਤ ਨੂੰ ਸਭ ਤੋਂ ਵੱਧ ਨਿਖਾਰਦੀਆਂ ਹਨ। ਪੁਸਤਕਾਂ ਤਾਂ ਸਾਰੀ ਉਮਰ ਹੀ ਅਗਵਾਈ ਕਰਦੀਆਂ ਹਨ। ਬੱਚਿਆਂ ਨੂੰ ਸ਼ੁਰੂ ਤੋਂ ਹੀ ਇਸ ਗੱਲ ਪ੍ਰਤੀ ਸੁਚੇਤ ਕਰਦੇ







SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828

## ਸੱਦਾ ਪੱਤਰ

# ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ (ਰਜਿ.)

ਸੈਕਰਾਮੈਂਟੋ/ਯੂਬਾ ਸਿਟੀ

ਵੱਲੋਂ 20ਵੀਂ

# ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ

## ਮਈ 19, ਐਤਵਾਰ, 2024, ਸਵੇਰੇ 9 ਵਜੇ ਤੋਂ 6 ਵਜੇ ਤੱਕ

**ਸਥਾਨ:** Pooja Restaurant, 1223 Merkely Ave. West Sacramento, 95691

**ਪ੍ਰੋਗਰਾਮ**

- ਉਦਘਾਟਨ : 9.00 ਵਜੇ ਸਵੇਰੇ
- ਕਵੀ ਸੰਮੇਲਨ : 11.00 ਵਜੇ
- ਦੁਪਹਿਰ ਦਾ ਖਾਣਾ : 1.30 ਵਜੇ
- ਪੰਜਾਬੀ ਸਾਹਿਤ ਵਿਚਾਰ ਵਟਾਂਦਰਾ : 2.00 ਵਜੇ
- ਗੀਤ ਸੰਗੀਤ : 5.00 ਵਜੇ ਸ਼ਾਮ

ਆਪ ਜੀ ਨੂੰ ਬੇਨਤੀ ਹੈ ਕਿ ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ ਦੀ 20ਵੀਂ ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ ਮਿਤੀ 19 ਮਈ, 2024 ਨੂੰ ਹੋ ਰਹੀ ਹੈ। ਇਸ ਮੌਕੇ ਪੰਜਾਬੀ ਸਾਹਿਤ ਬਾਰੇ ਪਰਚੇ ਪੜ੍ਹੇ ਜਾਣਗੇ। ਕਵੀ ਸੰਮੇਲਨ ਹੋਵੇਗਾ। ਪੰਜਾਬੀ ਮਾਂ ਬੋਲੀ ਬਾਰੇ ਵਿਚਾਰ ਚਰਚਾ ਹੋਵੇਗੀ। ਇਸ ਤੋਂ ਇਲਾਵਾ ਗੀਤ-ਸੰਗੀਤ ਹੋਵੇਗਾ। ਆਪ ਜੀ ਨੂੰ ਬੇਨਤੀ ਹੈ ਕਿ ਆਪ ਇਸ ਮੌਕੇ ਪਹੁੰਚ ਕੇ ਕਾਨਫਰੰਸ ਦੀ ਰੌਣਕ ਨੂੰ ਵਧਾਉ।

ਦਲਵੀਰ 'ਦਿਲ' ਨਿੱਜਰ
ਪ੍ਰਧਾਨ
916-628-2210

ਉਡੀਕਵਾਨ :
**ਸਮੁੱਚੀ ਪੰਜਾਬੀ ਸਾਹਿਤ ਸਭਾ, ਕੈਲੀਫੋਰਨੀਆ**

ਗੁਰਜਤਿੰਦਰ ਸਿੰਘ ਰੰਧਾਵਾ
ਜਨਰਲ ਸਕੱਤਰ
916-320-9444

---

*Invitation by*

# Punjabi Sahit Sabha, California

*Sacramento/Yuba City*

*20th*

# *International Punjabi Conference*

***Place:*** *Pooja Restaurant, 1223 Merkely Ave. West Sacramento, 95691*

**Programme**

- Opening Ceremony: 9am
- Poetry (Kavi Sammelan): 11am
- Lunch: 1:30pm
- Discussions on Punjabi Language: 2pm
- Cultural Program: 5pm onwards.

You are cordially Invited to the International 20th Punjabi Conference of Punjabi Sahit Sabha, California to be held on May 19, 2024. Scholars of Punjabi Language and Literature will present their papers. There will be a poetry session, discussions and a Musical night. We hope you will grace the occasion with your presence.

**Dalvir 'Dil' Nijjar**
President
916-628-2210

*With Best Complements from*
*All Members*
*Punjabi Sahit Sabha, California*

**Gurjatinder Singh Randhawa**
General Secretary
916-320-9444





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਚੰਗਾ ਹਾਥੀ



ਇੱਕ ਵਾਰ ਦੀ ਗੱਲ ਹੈ। ਇੱਕ ਜੰਗਲ ਸੀ। ਇਸ ਜੰਗਲ ਦੇ ਵਿੱਚ ਇੱਕ ਹਾਥੀ ਰਹਿੰਦਾ ਸੀ। ਉਸ ਜੰਗਲ ਦੇ ਵਿੱਚ ਇੱਕ ਤਲਾਬ ਸੀ। ਉਸ ਜੰਗਲ ਵਿੱਚ ਇੱਕ ਸ਼ੇਰ ਵੀ ਰਹਿੰਦਾ ਸੀ। ਸਾਰੇ ਜਾਨਵਰ ਉਸ ਤਲਾਬ ਵੱਲ ਪਾਣੀ ਪੀਣ ਜਾਂਦੇ ਸਨ। ਇੱਕ ਦਿਨ ਇੱਕ ਸ਼ੇਰ ਭੱਜਿਆ - ਭੱਜਿਆ ਉੱਥੇ ਆ ਗਿਆ ਅਤੇ ਉਹ ਤਲਾਬ ਦੇ ਵਿੱਚ ਡੁੱਬਣ ਲੱਗਾ। ਫਿਰ ਉਸ ਨੇ ਜੋਰ ਨਾਲ ਹਾਥੀ ਨੂੰ ਬੁਲਾਇਆ। ਹਾਥੀ ਭੱਜਾ - ਭੱਜਾ ਆ ਗਿਆ। ਉਸਨੇ ਆਪਣੀ ਸੁੰਡ ਦੇ ਨਾਲ ਸ਼ੇਰ ਨੂੰ ਬਾਹਰ ਕੱਢ ਲਿਆ। ਸਾਨੂੰ ਇਸ ਕਹਾਣੀ ਤੋਂ ਹੀ ਸਿੱਖਿਆ ਮਿਲਦੀ ਹੈ ਕਿ ਸਾਨੂੰ ਇੱਕ - ਦੂਸਰੇ ਦੀ ਮਦਦ ਕਰਨੀ ਚਾਹੀਦੀ ਹੈ ਅਤੇ ਮੁਸੀਬਤ ਸਮੇਂ 'ਤੇ ਹੱਸਣਾ ਨਹੀਂ ਚਾਹੀਦਾ।



ਹਰਨੀਤ ਕੌਰ , ਜਮਾਤ ਪੰਜਵੀਂ
ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ,
ਗੰਭੀਰਪੁਰ ਲੋਅਰ, ਜਿਲ੍ਹਾ
ਰੂਪਨਗਰ,
ਗਾਈਡ ਅਧਿਆਪਕ
ਮਾਸਟਰ ਸੰਜੀਵ ਧਰਮਾਣੀ
9478561356

# ਵੋਟਾਂ ਪੈਣ ਦਾ ਐਲਾਨ

ਲੋਕ ਸਭਾ ਦੀਆਂ ਵੋਟਾਂ ਪੈਣ ਦਾ
ਜਦ ਤੋਂ ਹੋਇਆ ਏ ਐਲਾਨ ਬੇਲੀ,
ਸਾਰੀਆਂ ਪਾਰਟੀਆਂ ਦੇ ਲੀਡਰਾਂ ਨੇ
ਕਵੱਲੀ ਕੱਢ ਲਈ ਏ ਬਾਹਰ ਜ਼ਬਾਨ ਬੇਲੀ।
ਇੱਕ, ਦੂਜੇ ਵਿਰੁੱਧ ਦੂਸ਼ਣਬਾਜ਼ੀ ਕਰਕੇ
ਆਪ ਹੀ ਬਣੀ ਜਾਣ ਮਹਾਨ ਬੇਲੀ।
ਨਾ ਪੂਰੇ ਹੋਣ ਵਾਲੇ ਵਾਅਦੇ ਕਰਕੇ
ਖਿੱਚਣ ਆਪਣੇ ਵੱਲ ਲੋਕਾਂ ਦਾ ਧਿਆਨ ਬੇਲੀ।
ਪਹਿਲਾਂ ਗਰੀਬਾਂ ਦੇ ਘਰਾਂ 'ਚ ਕਦੇ ਵੜ੍ਹੇ ਨ੍ਹੀ
ਹੁਣ ਉਨ੍ਹਾਂ ਕੋਲ ਥੱਲੇ ਬੈਠੀ ਜਾਣ ਬੇਲੀ।
ਕਈ, ਕਈ ਬੀਮਾਰੀਆਂ ਲੱਗੀਆਂ ਇਨ੍ਹਾਂ ਨੂੰ
ਫਿਰ ਵੀ ਖ਼ੁਦ ਨੂੰ ਸਮਝਣ ਬਲਵਾਨ ਬੇਲੀ।
ਜਦ ਵੋਟਾਂ ਪੈਣ ਦਾ ਕੰਮ ਮੁੱਕ ਜਾਣਾ
ਫੇਰ ਭੁੱਲ ਜਾਣੇ ਇਨ੍ਹਾਂ ਨੂੰ ਆਪਣੇ ਬਿਆਨ ਬੇਲੀ।



ਮਹਿੰਦਰ ਸਿੰਘ ਮਾਨ
ਸਲੋਹ ਰੋਡ, ਨਵਾਂ ਸ਼ਹਿਰ
99158-03554

LARRY T. NIERMEYER
Attorney at Law



OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com

# PAL FILMS & PHOTO BOOKS

*All Your Photo/Videography & Post Production needs Under One Roof*



Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave**
**Pittsburgh, CA 94565**



SANJHI SOCH
Naresh Kumari sharma
Auckland, Newzealand
+64 2041755984

# ਅਧੂਰਾ ਹੀ ਪੂਰਾ

ਕੁਦਰਤ ਤੇ ਮਨੁੱਖੀ ਜੀਵਨ ਪ੍ਰਮਾਤਮਾ ਨੇ ਇੱਕੋ ਹੀ ਤਰਜ਼ ਤੇ ਬਹੁਰੰਗੀ ਸੁਭਾਅ ਵਿੱਚ ਸਿਰਜੇ ਹਨ । ਜੇ ਪੂਰੀ ਕਾਇਨਾਤ ਵੱਲ ਨਜ਼ਰ ਮਾਰੀਏ ਤਾਂ ਉਸਦੀਆਂ ਸਿਰਜੀਆਂ ਦੋ ਵਸਤਾਂ ਕਦੇ ਵੀ ਪੂਰੀ ਤਰਾਂ ਮੇਲ਼ ਨਹੀਂ ਖਾਂਦੀਆਂ। ਭਾਂਵੇਂ ਉਹ ਜੀਵਿਤ ਹੋਣ ਜਾਂ ਨਿਰਜੀਵ । ਉਦਾਹਰਣ ਦੇ ਤੌਰ ਤੇ ਪਸ਼ੂ,ਪੰਛੀ , ਪੌਦੇ, ਜਲਚਰ , ਪਹਾੜ , ਪਠਾਰ ਨਦੀਆਂ ,ਝਰਨੇ ,ਤਰਾਂ ਤਰਾਂ ਦੇ ਰੰਗ ਦੀ ਮਿੱਟੀ,ਪਾਣੀ ਤੇ ਹੋਰ ਭਾਂਤ ਭਾਂਤ ਦੀ ਸਿਰਜਨਾ । ਇਹਨਾਂ ਸਭਨਾਂ ਵਿੱਚੋਂ ਉਸ ਦਾਤਾਰ ਨੇ ਮਨੁੱਖ ਹੀ ਇੱਕ ਵਿਲੱਖਣ ਪ੍ਰਤਿਭਾ ਰੱਖਣ ਵਾਲਾ ਜੀਵ ਬਣਾਇਆ ਹੈ,ਜਿਸ ਕੋਲ ਵਾਣੀ, ਉੱਤਮ ਸੋਚ ਤੇ ਉੱਤਮ ਜੀਵਨ ਉਪਲੱਬਧ ਹਨ । ਇਹ ਬਖਸ਼ਿਸ਼ ਉਸ ਅਗੰਮ ,ਅਪਾਰ ਦੀ ਖੇਡ ਵਿੱਚੋਂ ਇੱਕ ਹੈ।

ਕੁਦਰਤ ਦੀਆਂ ਵਿਲੱਖਣਤਾਵਾਂ;--

ਜਿਥੇ ਉਸ ਸਿਰਜਨਹਾਰ ਨੇ ਮਨੁੱਖ ਨੂੰ ਬਹੁਤ ਕੁਝ ਕਰ ਸਕਣ ਦੀ ਤਾਕਤ , ਹੁਨਰ ਤੇ ਯੋਗਤਾ ਬਖਸ਼ੀ ਹੈ, ਉਥੇ ਹੀ ਬਾਕੀ ਜੀਵ, ਬਨਸਪਤੀ ਤੇ ਤਮਾਮ ਕੁਦਰਤੀ ਰਚਨਾਵਾਂ ਨੂੰ ਬਹੁਤ ਸਾਰੀਆਂ ਕਲਾਵਾਂ ਤੋਂ ਵਾਂਝਿਆਂ ਰੱਖਿਆ ਹੈ। ਜਿਵੇਂ ਪਾਣੀ ਵਿੱਚ ਰਹਿਣ ਵਾਲੇ ਜੀਵ , ਹਵਾ ਵਿੱਚ ਆ ਕੇ ਦਮ ਤੋੜ ਜਾਂਦੇ ਹਨ,ਉਸੇ ਤਰਾਂ ਆਕਾਸ਼ ਵਿੱਚ ਉਡਣ ਵਾਲਿਆਂ ਪੰਛੀਆਂ ਤੇ ਮਨੁੱਖਾਂ ਲਈ ਪਾਣੀ ਦੇ ਅੰਦਰ ਰਹਿਣਾ ਅਸੰਭਵ ਹੈ।

ਕੁਝ ਜੀਵ ਚਾਨਣ ਤੋਂ ਬਗ਼ੈਰ ਮਰ ਜਾਂਦੇ ਹਨ ਤੇ ਕੁਝ ਨੂੰ ਰੌਸ਼ਨੀ ਮਾਰ ਦਿੰਦੀ ਹੈ। ਅਚੰਭੇ ਦੀ ਗੱਲ ਹੈ, ਜਿਸ ਸਰੀਰ ਨੂੰ ਬਿਜਲੀ ਦਾ ਇੱਕ ਝਟਕਾ ਮੌਤ ਦੇ ਮੂੰਹ ਵਿੱਚ ਧੱਕ ਦਿੰਦਾ ਹੈ,ਉਹੀ ਝਟਕਾ ਦਿਲ ਦੀ ਧੜਕਣ ਰੁਕ ਜਾਣ ਤੇ ਦੁਬਾਰਾ ਧੜਕਣ ਲਾ ਸਕਦਾ ਹੈ। ਇਸਤੋਂ ਵੀ ਦਿਲਚਸਪ ਗੱਲ ,ਜਿਹੜਾ ਜੀਵ ਦਾ ਸਰੀਰ ਬਿਜਲੀ ਦਾ ਕਰੰਟ ਲੱਗਣ ਤੇ ਮੁਰਦੇ ਵਿੱਚ ਤਬਦੀਲ ਹੋ ਜਾਂਦਾ ਹੈ,ਉਸੇ ਦੇ ਦਿਲ ਦੀ ਧੜਕਣ ਬਰਕਰਾਰ ਰੱਖਣ ਲਈ,ਦਿਲ ਵਿੱਚ ਹੀ ਪੈਦਾ ਹੋਇਆ ਕਰੰਟ ਵਰਤੋਂ ਵਿੱਚ ਆਉਂਦਾ ਹੈ। ਬਾਕੀ ਮਨੁੱਖੀ ਸ਼ਰੀਰ ਵਿੱਚ ਇਨਾਂ ਗੁੰਝਲਦਾਰ ਤੰਤਰ ਕੰਮ ਕਰਦਾ ਹੈ, ਪੜਕੇ ਵਿਸਮਿਕ ਹੋਣਾ ਲਾਜ਼ਮੀ ਹੈ। ਉਦਾਹਰਨ ਦੇ ਤੌਰ ਤੇ ਬੱਚੇ ਦਾ ਗਰਭ ਅੰਦਰ ਪਲਣਾ ,ਪਲੇਸੈਂਟਾ ਤੋਂ ਆਪਣੀ ਖ਼ੂਨ ਦੇ ਰੂਪ ਵਿੱਚ ਲੋੜੀਂਦੇ ਭੋਜਨ ਤੱਤ ਲੈਣੇ ,ਵਧਣਾ ਫੁੱਲਣਾ ਤੇ ਨੌਂ ਮਹੀਨੇ ਬਾਅਦ ਆਪੇ ਜਨਮ ਲੈ ਲੈਣਾ । ਉਪਰੋਕਤ ਸਾਰੀ ਕਿਰਿਆਵਾਂ ਆਪਣੇ ਆਪ ਵਿੱਚ ਜਟਿਲਤਮ ਪ੍ਰਕਿਰਿਆ ਹੈ, ਜਿਸਨੂੰ ਸਮਝਣਾ ਜਿੰਨਾਂ ਔਖਾ ਹੈ ਉਨਾਂ ਹੀ ਆਪਮੁਹਾਰਾ ਹੈ,ਚਾਹੁੰਦਿਆਂ ਹੋਇਆਂ ਵੀ ਕੋਈ ਇਸ ਵਿਚ ਛੇੜ ਛਾੜ ਨਹੀਂ ਕਰ ਸਕਦਾ। ਇਸਤੋਂ ਇਲਾਵਾ ਵੀ ਮਨੁੱਖੀ ਤੇ ਜੀਵ ਜੰਤੂਆਂ ਦੀ ਵਿਲੱਖਣ ਤੇ ਬਾਰੀਕੀ ਨਾਲ ਰਚੀ ਸੰਰਚਨਾ ਬਾਰੇ ਪੜਕੇ, ਆਪਮੁਹਾਰੇ ਉਸ ਪ੍ਰਭੂ ਪ੍ਰਮਾਤਮਾ ਵੱਲ ਨੂੰ ਹੱਥ ਜੁੜ ਜਾਂਦੇ ਹਨ। ਮਾਫ਼ੀ ਚਾਹਾਂਗੀ, ਸਾਇੰਸਦਾਨਾਂ ਨੇ ਉਸ ਕ੍ਰਿਤ ਦੀ ਬੁਣੀ ਸੰਰਚਨਾ ਨੂੰ ਪੜਿਆ ਜਰੂਰ ਹੈ, ਬੇਸ਼ੱਕ ਇਹ ਕੋਈ ਸੌਖਾ ਕੰਮ ਨਹੀਂ,ਪਰ ਜਨਮ , ਮੌਤ ਤੇ ਜੀਵਨ ਦੇ ਵੱਡੇ ਉਤਾਰ ਚੜਾਵਾਂ ਨੂੰ ਬਦਲਣ ਲਈ ਇਨਸਾਨ ਅਸਮਰਥ ਹੈ। ਉਪਰੋਕਤ ਵਿਖਿਆਨ ਅਥਾਹ ਤੇ ਵਰਨਣ ਤੋਂ ਪਰੇ ਹੈ, ਕਿਉਂਕਿ ਇਸਦੀਆਂ ਤੰਦਾਂ "ਉਸ" ਅਗੰਮ ਅਪਾਰ ਸ਼ਕਤੀ ਨਾਲ ਜੁੜਦੀਆਂ ਹਨ। ਉਸਦਾ ਅੰਤ ਨਾ ਪਾਰਾਵਾਰ।

"ਉਸਦੀ" ਖੇਡ :--

ਹਰ ਮਨੁੱਖ ਨੂੰ ਆਪਣੇ ਜੀਵਨ ਵਿੱਚ ਇਨਾਂ ਚੀਜ਼ਾਂ ਵਿੱਚੋਂ ਹੀ ਉਸ ਏਕੰਕਾਰ ਵੱਲੋਂ ਵੰਡੀਆਂ ਜਾਂਦੀਆਂ ਹਨ, ਜਿਵੇਂ ਵਕਤ ਦੇ ਚੱਕਰ ਅਨੁਸਾਰ,ਸੁਖ,ਦੁੱਖ , ਖੁਸ਼ੀਆਂ, ਗ਼ਮੀਆਂ,ਖੇੜੇ,ਅਨੰਦ,ਆਰਾਮ ਤੇ ਅੱਯਾਸ਼ੀ ਦੀ ਜ਼ਿੰਦਗੀ। ਕਿਸੇ ਨੂੰ ਉਮਰ ਭਰ ਦਾ ਰੋਗ ਲੱਗਿਆ ਹੈ , ਕੋਈ ਰੋਟੀ ਤੋਂ ਮੁਥਾਜ ਹੈ, ਕੋਈ ਜਨਮ ਤੋਂ ਹੀ ਅਪੰਗ ਹੈ,ਪਰ ਬਹੁਤ ਕੁੱਝ ਕਰ ਸਕਦਾ ਹੈ, ਪਰਿਵਾਰ ਪਾਲਣਾ ਦੀ ਤੇ ਆਪਣੀ ਦੇਖ ਭਾਲ ਦੀ ਸਮਰੱਥਾ ਹੈ ਦੂਸਰੇ ਪਾਸੇ, ਇੱਕ ਅਜਿਹਾ ਲਾਚਾਰ ਇੰਨਸਾਨ ਵੀ ਹੈ,ਜੋ ਮੰਜੇ ਤੇ ਪਿਆ ਹੈ ਤੇ ਪੂਰੀ ਤਰਾਂ ਦੂਸਰਿਆਂ ਤੇ ਨਿਰਭਰ ਹੈ। ਇਥੋਂ ਤੱਕ ਕਿ ਨਿੱਤ ਕਿਰਿਆਵਾਂ ਵੀ ਦੂਸਰੇ ਦੀ ਮਦਦ ਨਾਲ ਕਰਦਾ ਹੈ।

ਦੂਸਰੇ ਪਾਸੇ ਝਾਤ ਮਾਰੀਏ ਤਾਂ ਇੱਕ ਦਰਿਆ ਦਾ ਪਾਣੀ ਸਿੰਚਾਈ ਲਈ ਵਰਤਕੇ ਹਜ਼ਾਰਾਂ ਲੋਕਾਂ ਦੀ ਉਪਜੀਵਕਾ ਦਾ ਸਾਧਨ ਬਣਦਾ ਹੈ ਤੇ ਜੀਵਨ ਦਿੰਦਾ ਹੈ, ਜਦੋਂ ਕਿ ਦੂਜੇ ਪਾਸੇ ਦੂਸਰਾ ਦਰਿਆ ਹੜ੍ਹ ਲੈਣ ਕੇ ਆਉਂਦਾ ਹੈ ਤੇ ਜੀਵਨ ਦੇ ਨਾਸ਼ ਦਾ ਕਾਰਨ ਬਣਦਾ ਹੈ। ਲਿਖਣ ਨੂੰ ਬਹੁਤ ਕੁਝ ਹੈ,ਪਰ ਮੇਰਾ ਇਹ ਲੇਖ ਆਪ ਤੱਕ ਪਹੁੰਚਾਉਣ ਦਾ ਮਕਸਦ ਉਨਾਂ ਲੋਕਾਂ ਨੂੰ ਸੇਧ ਦੇਣੀ ਹੈ, ਜਿੰਨਾਂ ਕੋਲ ਸਭਕੁਝ ਹੁੰਦੇ ਸੁੰਦੇ,ਵੀ ਮਾੜੀ ਮੋਟੀ ਕਮੀ ਨੂੰ ਲੈਕੇ ਰੋਂਦੇ ਰਹਿੰਦੇ ਹਨ। ਆਪਣੇ ਤੋਂ ਨੀਵੇਂ ਵੱਲ ਦੇਖ ਕਿ, ਮਿਲੀਆਂ ਹੋਈਆਂ ਨਿਆਮਤਾਂ ਲਈ ਦੇਵਣਹਾਰ ਦਾ ਸ਼ੁਕਰਾਨਾ ਕਰਨਾ ਤੇ ਹਰ ਚੀਜ਼ ਨੂੰ ਪੂਰਾ ਕਰਕੇ ਸਮਝਣਾ। ਬੱਸ ਜੀਵਨ ਦਾ ਖੇੜਾ,ਪੂਰਾਪਨ ਤੇ ਦਾਤੇ ਦੇ ਸ਼ੁਕਰਾਨੇ ਲਈ ਬਹੁਤ ਜ਼ਿਆਦਾ ਹੈ। ਲੋੜ ਹੈ ਸੰਤੁਸ਼ਟੀ ਦੀ ।

SUNSHINE AUTO CARE INC.
WE REPAIR ALL MAKES & MODELS. AUTO, DIESEL TRUCK & TRAILERS
- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS
hablamos español
We Speak English, Spanish & Punjabi
We Provide Towing & 24/7 Mobile Road Services For All Autos, Trucks & Trailers
Open Monday to Saturday
Com-Check
T-Check
EFS Check
ACCEPTED HERE
VISA MasterCard AMERICAN EXPRESS DISCOVER NETWORK





1003 Moffat Blvd,
Manteca CA 95336
209-239-1551


web -www.globaltruckpermits.com
email -info@globaltruckpermits.com
ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਕੈਲੇਫੋਰਨੀਆ ਅੰਦਰ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
"ਸਾਡਾ ਇਸ ਕੰਮ ਵਿਚ 18 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
Cell : (510) 557-6988 | Ph : 209-636-0880
Address: 159 Darcy Pkwy Lathrop CA 95330

Gillson
TRUCKING INC



# NOW Hiring Truck Drivers Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: **$0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com

## Get in Touch:

gillsontrucking
gillsontrucking
company/gillsontrucking
www.teamgillson.com


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜ੍ਹੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday | 11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350




SANJHI SOCH

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

SANJHI SOCH

**ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।**

**ਸੰਪਰਕ: +1 (209) 303-1260**